ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 3 ਜੁਲਾਈ 2025 (ਨਾਨਕਸ਼ਾਹੀ ਸੰਮਤ : ੫੫੭, ੧੯ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪਾਕਿਸਤਾਨੀ ਡਰੋਨ ਹਮਲੇ 'ਚ ਜ਼ਖ਼ਮੀ ਲਖਵਿੰਦਰ ਸਿੰਘ ਦੀ ਵੀ ਇਲਾਜ ਦੌਰਾਨ ਹੋਈ ਮੌਤ, ਪਤਨੀ ਦੀ ਪਹਿਲਾਂ ਹੋ ਚੁੱਕੀ ਮੌਤ

**ਫਿਰੋਜ਼ਪੁਰ, 2 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਦੀ ਸਰਹੱਦ ਨਾਲ ਲੱਗਦੇ ਫਿਰੋਜ਼ਪੁਰ ਜ਼ਿਲ੍ਹੇ ਵਿੱਚ ਪਾਕਿਸਤਾਨੀ ਡਰੋਨ ਨਾਲ ਜ਼ਖ਼ਮੀ ਹੋਏ ਇੱਕ ਵਿਅਕਤੀ ਦੀ ਲੁਧਿਆਣਾ ਦੇ ਡੀਐਮਸੀ ਹਸਪਤਾਲ ਵਿੱਚ ਮੌਤ ਹੋ ਗਈ ਹੈ। ਜਾਣਕਾਰੀ ਅਨੁਸਾਰ ਭਾਰਤ ਅਤੇ ਪਾਕਿਸਤਾਨ ਵਿਚਾਲੇ ਤਣਾਅ ਪੂਰਨ ਸਥਿਤੀ ਦੌਰਾਨ 9 ਮਈ ਦੀ ਰਾਤ ਨੂੰ ਪਿੰਡ ਖਾਈ ਫੇਮੇ ਵਿਖੇ ਇਕ ਘਰ 'ਚ ਡਰੋਨ ਡਿੱਗਿਆ ਸੀ। ਜਿਸ ਦੌਰਾਨ ਭਿਆਨਕ ਅੱਗ ਲੱਗਣ ਨਾਲ ਪਤੀ , ਪਤਨੀ ਅਤੇ ਉਨ੍ਹਾਂ ਦਾ ਪੁੱਤਰ ਗੰਭੀਰ ਜ਼ਖ਼ਮੀ ਹੋ ਗਏ ਸਨ, ਜਿਸ ਦੇ ਚਲਦੇ ਹਮਲੇ ਦੇ ਚੌਥੇ ਦਿਨ ਪਿੱਛੋਂ ਮਹਿਲਾ ਸੁਖਵਿੰਦਰ ਕੌਰ ਦੀ ਡੀ.ਐਮ.ਸੀ. ਲੁਧਿਆਣਾ ਵਿਖੇ ਇਲਾਜ ਦੌਰਾਨ ਮੌਤ ਹੋ ਗਈ ਸੀ ਅਤੇ ਅੱਜ ਉਸ ਦੇ ਪਤੀ ਲਖਵਿੰਦਰ ਸਿੰਘ (65) ਦੀ ਮੌਤ ਵੀ ਹੋ ਗਈ ਹੈ। ਲਖਵਿੰਦਰ ਸਿੰਘ ਦਾ ਅੰਤਿਮ ਸਸਕਾਰ ਅੱਜ ਫਿਰੋਜ਼ਪੁਰ ਵਿੱਚ ਕੀਤਾ ਜਾਵੇਗਾ। 7 ਮਈ ਨੂੰ ਭਾਰਤ ਵੱਲੋਂ ਕੀਤੇ ਗਏ ਆਪ੍ਰੇਸ਼ਨ ਸਿੰਦੂਰ ਦੀ ਕਾਰਵਾਈ ਤੋਂ ਬਾਅਦ ਪਾਕਿਸਤਾਨ ਨੇ ਸਰਹੱਦ 'ਤੇ ਗੋਲੀਬਾਰੀ ਕੀਤੀ ਅਤੇ ਡਰੋਨ ਅਤੇ ਮਿਜ਼ਾਈਲਾਂ ਨਾਲ ਹਮਲਾ ਕੀਤਾ। ਇਸ ਦੌਰਾਨ ਪੰਜਾਬ ਵਿੱਚ ਪਾਕਿਸਤਾਨ ਦੀ ਸਰਹੱਦ ਨਾਲ ਲੱਗਦੇ ਫਿਰੋਜ਼ਪੁਰ ਜ਼ਿਲ੍ਹੇ ਦੇ ਖਾਈ ਫੇਮ ਪਿੰਡ ਵਿੱਚ 9 ਮਈ ਦੀ ਰਾਤ ਨੂੰ ਇੱਕ ਘਰ 'ਤੇ ਇੱਕ ਪਾਕਿਸਤਾਨੀ ਡਰੋਨ ਡਿੱਗਿਆ ਸੀ। ਡਰੋਨ ਕਾਰ 'ਤੇ ਡਿੱਗ ਗਿਆ, ਜਿਸ ਕਾਰਨ ਅੱਗ ਲੱਗ ਗਈ। ਇਸ ਵਿੱਚ ਲਖਵਿੰਦਰ ਸਿੰਘ, ਉਸਦੀ ਪਤਨੀ ਸੁਖਵਿੰਦਰ ਕੌਰ ਅਤੇ ਪੁੱਤਰ ਜਸਵੰਤ ਸਿੰਘ ਬੁਰੀ ਤਰ੍ਹਾਂ ਝੁਲਸ ਗਏ ਸਨ।

## ਮੋਹਾਲੀ ਅਦਾਲਤ ਨੇ

# ਬਿਕਰਮ ਮਜੀਠੀਆ ਦਾ ਵਧਾਇਆ ਪੁਲਿਸ ਰਿਮਾਂਡ

**ਮੁਹਾਲੀ, 2 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਮੋਹਾਲੀ ਦੀ ਅਦਾਲਤ ਨੇ ਸ਼੍ਰੋਮਣੀ ਅਕਾਲੀ ਦਲ ਦੇ ਲੀਡਰ ਬਿਕਰਮ ਸਿੰਘ ਮਜੀਠੀਆ ਦਾ ਰਿਮਾਂਡ ਵਧਾ ਦਿੱਤਾ ਹੈ। ਅਦਾਲਤ ਨੇ ਮਜੀਠੀਆ ਦਾ 4 ਦਿਨਾਂ ਦਾ ਪੁਲਿਸ ਰਿਮਾਂਡ ਦਿੱਤਾ ਹੈ। ਸਾਬਕਾ ਮੰਤਰੀ ਤੇ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨਾਲ ਸਬੰਧਤ ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲੇ ਦੀ ਸੁਣਵਾਈ ਅੱਜ ਸਵੇਰੇ 10:45 ਵਜੇ ਮੋਹਾਲੀ ਜ਼ਿਲ੍ਹਾ ਅਦਾਲਤ ਵਿੱਚ ਸ਼ੁਰੂ ਹੋਈ ਸੀ। ਸੂਤਰਾਂ ਅਨੁਸਾਰ ਜਾਂਚ ਕਰ ਰਹੀ ਵਿਜੀਲੈਂਸ ਬਿਊਰੋ ਨੇ ਅਦਾਲਤ ਨੂੰ ਦੱਸਿਆ ਹੈ ਕਿ ਮਜੀਠੀਆ ਰਿਮਾਂਡ ਦੌਰਾਨ ਜਾਂਚ ਵਿੱਚ ਸਹਿਯੋਗ ਨਹੀਂ ਕਰ ਰਹੇ ਹਨ। ਵਿਜੀਲੈਂਸ ਦਾ ਇਹ ਵੀ ਕਹਿਣਾ ਹੈ ਕਿ ਮਾਮਲੇ ਦੀ ਹੋਰ ਡੂੰਘਾਈ ਨਾਲ ਜਾਂਚ ਲਈ ਮਜੀਠੀਆ ਨੂੰ ਪੰਜਾਬ ਤੋਂ ਇਲਾਵਾ ਹੋਰ ਰਾਜਾਂ ਤੇ ਥਾਵਾਂ 'ਤੇ ਲਿਜਾਣਾ ਜ਼ਰੂਰੀ ਹੈ। ਇਨ੍ਹਾਂ ਆਧਾਰਾਂ 'ਤੇ ਵਿਜੀਲੈਂਸ ਬਿਊਰੋ ਅਦਾਲਤ ਤੋਂ ਬਿਕਰਮ ਸਿੰਘ ਮਜੀਠੀਆ ਦੇ ਰਿਮਾਂਡ ਦੀ ਮਿਆਦ ਵਧਾਉਣ ਦੀ ਮੰਗ ਕੀਤੀ ਸੀ ਜਿਸ ਤੋਂ ਬਾਅਦ ਅਦਾਲਤ ਨੇ ਮਜੀਠੀਆ ਦਾ 4 ਦਿਨਾਂ ਦਾ ਪੁਲਿਸ ਰਿਮਾਂਡ ਵਧਾ ਦਿੱਤਾ ਹੈ ਜ਼ਿਕਰ ਕਰ ਦਈਏ ਕਿ ਲਗਭਗ 4 ਘੰਟੇ ਚੱਲੀ ਸੁਣਵਾਈ ਤੋਂ ਬਾਅਦ ਅਦਾਲਤ ਨੇ ਚਾਰ ਦਿਨ ਦਾ ਰਿਮਾਂਡ ਦਿੱਤਾ ਤੇ ਅਗਲੀ ਸੁਣਵਾਈ 6 ਜੁਲਾਈ ਲਈ ਤੈਅ ਕੀਤੀ। ਇਸ ਸਮੇਂ ਦੌਰਾਨ, ਅਦਾਲਤ ਦੇ ਅਹਾਤੇ ਨੂੰ ਪੂਰੀ ਤਰ੍ਹਾਂ ਘੇਰ ਲਿਆ ਗਿਆ ਸੀ। ਮੀਡੀਆ ਨੂੰ ਦੂਰ ਰੱਖਣ ਲਈ ਵਾਹਨਾਂ ਨੂੰ ਬੈਰੀਕੇਡ ਕੀਤਾ ਗਿਆ ਸੀ, ਜਦੋਂ ਕਿ ਅਦਾਲਤ ਦੇ ਆਲੇ-ਦੁਆਲੇ ਤਰਪਾਲ ਲਗਾ ਕੇ ਹਰ ਦਿਸ਼ਾ ਤੋਂ ਦਿੱਖ ਨੂੰ ਰੋਕ ਦਿੱਤਾ ਗਿਆ ਸੀ। ਸੁਣਵਾਈ ਤੋਂ ਬਾਅਦ ਸਰਕਾਰੀ ਨੇ ਕਿਹਾ ਕਿ ਪਿਛਲੀ ਵਾਰ 7 ਦਿਨ ਦਾ ਰਿਮਾਂਡ ਦਿੱਤਾ ਗਿਆ ਸੀ, ਜੋ ਖਤਮ ਹੋ ਗਿਆ ਹੈ। ਮਜੀਠੀਆ ਨੂੰ ਅੱਜ ਦੁਬਾਰਾ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਦਲੀਲਾਂ ਸੁਣਨ ਤੋਂ ਬਾਅਦ ਅਦਾਲਤ ਨੇ ਪੁਲਿਸ ਨੂੰ 4 ਦਿਨ ਦਾ ਹੋਰ ਰਿਮਾਂਡ ਦਿੱਤਾ ਹੈ। ਪਿਛਲੇ 7 ਦਿਨਾਂ ਦੇ ਰਿਮਾਂਡ ਵਿੱਚ ਕਈ ਅਜਿਹੇ ਤੱਥ ਸਾਹਮਣੇ ਆਏ, ਜੋ ਅਦਾਲਤ ਵਿੱਚ ਦੱਸੇ ਗਏ ਸਨ। ਸ਼ਿਮਲਾ ਵਿੱਚ ਬੇਨਾਮੀ ਜਾਇਦਾਦ ਦਾ ਤੱਥ ਹੈਰਾਨ ਕਰਨ ਵਾਲਾ ਸੀ, ਜਿਸ ਕਾਰਨ ਮਜੀਠੀਆ ਨੂੰ ਉੱਥੇ ਵੀ ਲਿਜਾਇਆ ਗਿਆ ਸੀ। ਮਜੀਠੀਆ ਨੇ ਉੱਥੇ ਜਾਂਚ ਵਿੱਚ ਸਹਿਯੋਗ ਨਹੀਂ ਕੀਤਾ। ਸ਼ਿਮਲਾ ਵਿੱਚ 400 ਹੈਕਟੇਅਰ ਜਾਇਦਾਦ ਦੇ ਦਸਤਾਵੇਜ਼ ਅਦਾਲਤ ਵਿੱਚ ਪੇਸ਼ ਕੀਤੇ ਗਏ ਹਨ। ਦੋਵਾਂ ਧਿਰਾਂ ਦੇ ਵਕੀਲਾਂ ਨੇ ਆਪਣੀਆਂ ਦਲੀਲਾਂ ਦਿੱਤੀਆਂ, ਜਿਸ ਦੇ ਆਧਾਰ 'ਤੇ ਮਾਮਲੇ ਵਿੱਚ 4 ਦਿਨ ਦਾ ਰਿਮਾਂਡ ਦਿੱਤਾ ਗਿਆ ਹੈ।



(ਫਾਈਲ ਫੋਟੋ)

## ਹਿਰਾਸਤ ਮਗਰੋਂ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਪੁਲਿਸ ਨੇ ਕੀਤਾ ਰਿਹਾਅ

**ਮੁਹਾਲੀ, 2 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਮੁਹਾਲੀ ਅਦਾਲਤ ਦੇ ਬਾਹਰ ਮਾਹੌਲ ਤਣਾਅਪੂਰਨ ਹੋ ਗਿਆ ਜਦੋਂ ਪੰਜਾਬ ਦੇ ਸੀਨੀਅਰ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਪੇਸ਼ ਹੋਏ। ਦੂਜੇ ਪਾਸੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਅਤੇ ਸਾਬਕਾ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੂੰ ਪੁਲਿਸ ਨੇ ਗੁਰਦੁਆਰਾ ਅੰਬ ਸਾਹਿਬ ਵਿਖੇ ਹਿਰਾਸਤ 'ਚ ਲੈ ਲਿਆ। ਜਿਨ੍ਹਾਂ ਬਾਅਦ 'ਚ ਚੰਡੀਗੜ੍ਹ ਦੇ ਸੈਕਟਰ 39 'ਚ ਛੱਡ ਦਿੱਤਾ ਗਿਆ। ਦੱਸ ਦਈਏ ਕਿ ਹਿਰਾਸਤ 'ਚ ਲਏ ਜਾਣ ਦੌਰਾਨ ਸੁਖਬੀਰ ਬਾਦਲ ਅਤੇ ਪੁਲਿਸ ਵਿਚਕਾਰ ਬਹਿਸ ਵੀ ਹੋਈ। ਪੁਲਿਸ ਨੇ ਸੁਰੱਖਿਆ ਕਾਰਨਾਂ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਨੂੰ ਅੱਗੇ ਵਧਣ ਤੋਂ ਰੋਕਿਆ ਅਤੇ ਹਿਰਾਸਤ 'ਚ ਲੈ ਲਿਆ। ਇਸ ਦੌਰਾਨ ਕਈ ਅਕਾਲੀ ਆਗੂਆਂ ਨੂੰ ਵੀ ਪੁਲਿਸ ਨੇ ਹਿਰਾਸਤ 'ਚ ਲੈ ਲਿਆ। ਦੱਸ ਦਈਏ ਕਿ ਸੁਖਬੀਰ ਸਿੰਘ ਬਾਦਲ ਨੂੰ ਮੁਹਾਲੀ ਦੇ 11 ਫੇਜ਼ ਪੁਲਿਸ ਸਟੇਸ਼ਨ ਵਿਖੇ ਰੱਖਿਆ ਗਿਆ ਹੈ। ਪੁਲਿਸ ਸਟੇਸ਼ਨ ਦੇ ਬਾਹਰ ਵੱਡੀ ਗਿਣਤੀ ਦੇ ਵਿੱਚ ਅਕਾਲੀ ਵਰਕਰ ਜੁਟਣੇ ਸ਼ੁਰੂ ਹੋ ਗਏ ਹਨ। ਇਸ ਦੌਰਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਨੇ ਪੂਰੇ ਪੰਜਾਬ 'ਤੇ ਕਬਜ਼ਾ ਕੀਤਾ ਹੋਇਆ ਹੈ। ਅਕਾਲੀ ਵਰਕਰਾਂ ਤੋਂ ਕੇਜਰੀਵਾਲ ਡਰ ਗਿਆ ਹੈ। ਆਓ ਪੰਜਾਬ ਨੂੰ ਕੇਜਰੀਵਾਲ ਤੋਂ ਮੁਕਤ ਕਰਵਾਈਏ। ਅਕਾਲੀ ਦਲ ਦਾ ਇੱਕ ਇੱਕ ਵਰਕਰ ਕੇਜਰੀਵਾਲ ਨੂੰ ਪੰਜਾਬ ਚੋਂ ਹਟਾਏਗਾ। ਕਾਬਿਲੇਗੌਰ ਹੈ ਕਿ ਇਸ ਦੌਰਾਨ ਮੀਡੀਆ ਨੂੰ ਵੀ ਅਦਾਲਤ ਦੇ ਅਹਾਤੇ ਤੋਂ ਦੂਰ ਰੱਖਿਆ ਗਿਆ ਅਤੇ ਕਿਸੇ ਨੂੰ ਵੀ ਅੰਦਰ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਗਈ।



## ਪੰਜਾਬੀਆਂ ਲਈ Good News, ਆਦਮਪੁਰ ਹਵਾਈ ਅੱਡੇ ਤੋਂ ਮੁੰਬਈ ਲਈ ਸਿੱਧੀ ਉਡਾਣ ਸ਼ੁਰੂ

**ਜਲੰਧਰ, 2 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਹਵਾਈ ਜਹਾਜ਼ ਵਿਚ ਸਫ਼ਰ ਕਰਨ ਵਾਲਿਆਂ ਲਈ ਖ਼ੁਸ਼ਖ਼ਬਰੀ ਸਾਹਮਣੇ ਆਈ ਹੈ। ਦਰਅਸਲ 2 ਜੁਲਾਈ ਅੱਜ ਤੋਂ ਆਦਮਪੁਰ ਏਅਰਪੋਰਟ ਤੋਂ ਮੁੰਬਈ ਲਈ ਇੰਡੀਗੋ ਏਅਰਲਾਈਨ ਦੀ ਸਿੱਧੀ ਉਡਾਣ ਸੇਵਾ ਸ਼ੁਰੂ ਕਰ ਦਿੱਤੀ ਗਈ ਹੈ। ਆਦਮਪੁਰ ਹਵਾਈ ਅੱਡੇ ਤੋਂ ਇਹ ਉਡਾਣ ਦੁਪਹਿਰ 3:30 ਵਜੇ ਦੇ ਕਰੀਬ ਉੱਡੀ,ਜੋਕਿ ਸ਼ਾਮ 6 ਵਜੇ ਮੁੰਬਈ ਪਹੁੰਚੇਗੀ। ਇਹ ਸੇਵਾ ਰੋਜ਼ਾਨਾ ਉਪਲੱਬਧ ਹੋਵੇਗੀ। ਇਹ ਨਾ ਸਿਰਫ਼ ਧਾਰਮਿਕ ਸ਼ਰਧਾਲੂਆਂ ਸਗੋਂ ਪੰਜਾਬ ਦੇ ਵਪਾਰੀਆਂ, ਸੈਲਾਨੀਆਂ ਅਤੇ ਵਿਦਿਆਰਥੀਆਂ ਲਈ ਵੀ ਰਾਹਤ ਲੈ ਕੇ ਆਈ ਹੈ। ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਨੇ ਇਸ ਪਹਿਲਕਦਮੀ ਨੂੰ ਪੰਜਾਬ ਲਈ "ਹਵਾਬਾਜ਼ੀ ਸੰਪਰਕ ਕ੍ਰਾਂਤੀ" ਦਾ ਹਿੱਸਾ ਦੱਸਿਆ। ਉਨ੍ਹਾਂ ਕਿਹਾ ਕਿ ਇਹ ਸੇਵਾ ਨਾ ਸਿਰਫ਼ ਇਕ ਧਾਰਮਿਕ ਜ਼ਰੂਰਤ ਵਜੋਂ ਕੰਮ ਕਰੇਗੀ ਸਗੋਂ ਆਰਥਿਕ ਅਤੇ ਸਮਾਜਿਕ ਵਿਕਾਸ ਦੇ ਲਿਹਾਜ਼ ਨਾਲ ਵੀ ਇਕ ਮਹੱਤਵਪੂਰਨ ਮੀਲ ਪੱਥਰ ਵੀ ਸਾਬਤ ਹੋਵੇਗੀ।




**ਧਾਰਮਿਕ ਆਸਥਾ ਨੂੰ ਸਮਰਥਨ ਮਿਲੇਗਾ :** ਇਹ ਉਡਾਣ ਸਿੱਖ ਸੰਗਤ ਲਈ ਵਿਸ਼ੇਸ਼ ਤੌਰ 'ਤੇ ਲਾਭਦਾਇਕ ਸਾਬਤ ਹੋਵੇਗੀ, ਕਿਉਂਕਿ ਹੁਣ ਮੁੰਬਈ ਨਾਲ ਲੱਗਦੇ ਨਾਂਦੇੜ ਵਿੱਚ ਸਥਿਤ ਤਖ਼ਤ ਸ੍ਰੀ ਹਜ਼ੂਰ ਸਾਹਿਬ ਤੱਕ ਪਹੁੰਚਣਾ ਬਹੁਤ ਸੌਖਾ ਹੋ ਜਾਵੇਗਾ। ਪਹਿਲਾਂ ਆਦਮਪੁਰ ਜਾਂ ਜਲੰਧਰ ਤੋਂ ਨਾਂਦੇੜ ਜਾਣ ਲਈ ਜਾਂ ਤਾਂ ਇਕ ਰੇਲਗੱਡੀ ਜਾਂ ਕਈ ਉਡਾਣਾਂ ਦੇ ਸੁਮੇਲ ਦੀ ਲੋੜ ਹੁੰਦੀ ਸੀ ਪਰ ਹੁਣ ਸਿੱਧੀ ਉਡਾਣ ਰਾਹੀਂ ਮੁੰਬਈ ਪਹੁੰਚ ਕੇ ਸ਼ਰਧਾਲੂ ਜਲਦੀ ਹੀ ਤਖ਼ਤ ਸਾਹਿਬ ਪਹੁੰਚ ਸਕਦੇ ਹਨ।

ਤੁਹਾਨੂੰ ਦੱਸ ਦੇਈਏ ਕਿ ਮੁੰਬਈ ਦੇਸ਼ ਦੀ ਵਪਾਰਕ ਰਾਜਧਾਨੀ ਹੈ ਅਤੇ ਪੰਜਾਬ ਤੋਂ ਹਜ਼ਾਰਾਂ ਲੋਕ ਕਾਰੋਬਾਰ ਅਤੇ ਨੌਕਰੀਆਂ ਲਈ ਉੱਥੇ ਆਉਂਦੇ-ਜਾਂਦੇ ਰਹਿੰਦੇ ਹਨ। ਹੁਣ ਸਿੱਧੀ ਉਡਾਣ ਰਾਹੀਂ ਸਮਾਂ ਅਤੇ ਲਾਗਤ ਦੋਵੇਂ ਬਚਣਗੇ। ਇਸ ਦੇ ਨਾਲ ਹੀ ਇਹ ਸੇਵਾ ਪੰਜਾਬ ਦੇ ਨੌਜਵਾਨਾਂ ਲਈ ਮਦਦਗਾਰ ਹੋਵੇਗੀ ਜੋ ਉੱਚ ਸਿੱਖਿਆ ਜਾਂ ਕਰੀਅਰ ਦੀ ਭਾਲ 'ਚ ਮੁੰਬਈ ਜਾਂਦੇ ਹਨ। ਨਵੀਂ ਸੇਵਾ ਦੇ ਅਨੁਸਾਰ ਉਡਾਣ ਆਦਮਪੁਰ ਹਵਾਈ ਅੱਡੇ ਤੋਂ ਦੁਪਹਿਰ 3:30 ਵਜੇ ਦੇ ਕਰੀਬ ਉਡਾਣ ਭਰੇਗੀ ਅਤੇ ਸ਼ਾਮ 6 ਵਜੇ ਮੁੰਬਈ ਪਹੁੰਚੇਗੀ। ਇਹ ਸੇਵਾ ਰੋਜ਼ਾਨਾ ਉਪਲੱਬਧ ਹੋਵੇਗੀ।

## ਪੰਜਾਬ ਵਾਸੀਆਂ ਲਈ ਵੱਡੇ ਖ਼ਤਰੇ ਦੀ ਘੰਟੀ, ਭਾਖੜਾ ਨਹਿਰ 'ਚੋਂ ਪਾਣੀ ਲੀਕ

**ਸੰਗਰੂਰ, 2 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪਹਾੜਾਂ ਵਿਚ ਪੈ ਰਹੇ ਭਾਰੀ ਮੀਂਹ ਨੇ ਪੰਜਾਬ ਵਿਚ ਵੀ ਖ਼ਤਰਾ ਪੈਦਾ ਕਰ ਦਿੱਤਾ ਹੈ। ਜਿਸ ਦੇ ਚੱਲਦੇ ਸੰਗਰੂਰ ਦੇ ਖਨੌਰੀ ਅਤੇ ਨਾਲ ਲੱਗਦੇ ਇਲਾਕਿਆਂ ਲਈ ਖ਼ਤਰੇ ਦੀ ਘੰਟੀ ਖੜਕ ਗਈ ਹੈ। ਮਿਲੀ ਜਾਣਕਾਰੀ ਅਨੁਸਾਰ ਭਾਖੜਾ ਨਹਿਰ ਵਿਚੋਂ ਪਾਣੀ ਲੀਕ ਹੋ ਰਿਹਾ ਹੈ ਅਤੇ ਇਹ ਪਾਣੀ ਘੱਗਰ ਦਰਿਆ ਵਿਚ ਜਾ ਰਿਹਾ ਹੈ। ਸੂਤਰਾਂ ਮੁਤਾਬਕ ਖਨੌਰੀ ਇਲਾਕੇ ਵਿਚ ਘੱਗਰ ਦਰਿਆ ਦੇ ਉੱਪਰ ਲੰਘ ਰਹੀ ਭਾਖੜਾ ਨਹਿਰ ਦੇ ਪੁਲ ਹੇਠੋਂ ਪਾਣੀ ਲੀਕ ਹੋ ਰਿਹਾ ਹੈ। ਜੇ ਇਸ ਨੂੰ ਨਾ ਰੋਕਿਆ ਗਿਆ ਤਾਂ ਇਹ ਵੱਡਾ ਸੰਕਟ ਬਣ ਸਕਦੀ ਹੈ ਕਿਉਂਕਿ ਘੱਗਰ ਵਿਚ ਵੀ ਮੀਂਹ ਦੇ ਮੌਸਮ ਕਾਰਨ ਪਾਣੀ ਦਾ ਪੱਧਰ ਲਗਾਤਾਰ ਵੱਧ ਰਿਹਾ ਹੈ। ਭਾਖੜਾ ਨਹਿਰ, ਹਿਮਾਚਲ ਤੋਂ ਚੱਲ ਕੇ ਪੰਜਾਬ, ਹਰਿਆਣਾ ਰਾਹੀਂ ਰਾਜਸਥਾਨ ਤੱਕ ਜਾਂਦੀ ਹੈ। ਇਹ ਨਾ ਸਿਰਫ਼ ਪੰਜਾਬ ਦੀ ਸਿੰਚਾਈ ਲਈ ਜੀਵਨ ਰੇਖਾ ਹੈ, ਸਗੋਂ ਦੱਖਣੀ ਰਾਜਾਂ ਲਈ ਵੀ ਇਹ ਵੱਡਾ ਸਰੋਤ ਹੈ। ਇਸ ਨਹਿਰ ਵਿੱਚ ਪਾਣੀ ਦਾ ਬਹਾਅ ਕਾਫੀ ਤੇਜ਼ ਹੋਣ ਕਰਕੇ ਲੰਘਣ ਵਾਲੇ ਪੁਲ ਹੇਠੋਂ ਹੋ ਰਹੀ ਲੀਕੇਜ ਕਾਰਣ ਕਿਸੇ ਵੀ ਸਮੇਂ ਵੱਡੇ ਹਾਦਸਾ ਵਾਪਰ ਸਕਦਾ ਹੈ। ਇਹ ਲੀਕਜ ਇੱਕ ਵੱਡਾ ਸੰਕਟ ਬਣ ਸਕਦੀ ਹੈ, ਕਿਉਂਕਿ ਘੱਗਰ ਨਦੀ ਵਿੱਚ ਵੀ ਮੌਸਮ ਕਾਰਨ ਪਾਣੀ ਦਾ ਪੱਧਰ ਲਗਾਤਾਰ ਵੱਧ ਰਿਹਾ ਹੈ। ਭਾਖੜਾ ਨਹਿਰ ਜੋ ਹਿਮਾਚਲ ਤੋਂ ਚੱਲ ਕੇ ਪੰਜਾਬ, ਹਰਿਆਣਾ ਰਾਹੀਂ ਰਾਜਸਥਾਨ ਤੱਕ ਜਾਂਦੀ ਹੈ, ਉਸਦਾ ਵਹਾਅ ਰੁਕਣਾ ਮੁਮਕਿਨ ਨਹੀਂ। ਇਹ ਨਾ ਸਿਰਫ਼ ਪੰਜਾਬ ਦੀ ਸਿੰਚਾਈ ਲਈ ਜੀਵਨ ਰੇਖਾ ਹੈ, ਸਗੋਂ ਦੱਖਣੀ ਰਾਜਾਂ ਲਈ ਵੀ ਇਹ ਵੱਡਾ ਸਰੋਤ ਹੈ। ਇਸ ਨਹਿਰ ਵਿੱਚ ਪਾਣੀ ਦਾ ਬਹਾਅ ਕਾਫੀ ਤੇਜ਼ ਹੋਣ ਕਰਕੇ ਲੰਘਣ ਵਾਲੇ ਪੁਲ ਹੇਠੋਂ ਹੋ ਰਹੀ ਲੀਕਜ ਕਿਸੇ ਵੀ ਸਮੇਂ ਵੱਡੇ ਹਾਦਸੇ ਦਾ ਰੂਪ ਧਾਰ ਸਕਦੀ ਹੈ। ਬੀਤੇ ਦਿਨੀਂ ਖਨੌਰੀ ਤੋਂ ਘੱਗਰ ਦਰਿਆ 'ਚ ਪਾਣੀ ਦਾ ਪੱਧਰ ਪਿਛਲੇ 12 ਘੰਟਿਆਂ ਦੇ ਵਿੱਚ 5 ਫੁੱਟ ਦੇ ਕਰੀਬ ਵਧਿਆ ਸੀ। ਘੱਗਰ ਦਰਿਆ 'ਤੇ ਖਤਰੇ ਦਾ ਨਿਸ਼ਾਨ 748 ਫੁੱਟ 'ਤੇ ਹੈ। ਹਿਮਾਚਲ ਪ੍ਰਦੇਸ਼ ਵਿੱਚ ਵੀ ਲਗਾਤਾਰ ਭਾਰੀ ਮੀਂਹ ਪੈ ਰਿਹਾ ਹੈ, ਜਿਸ ਕਾਰਨ ਪਾਣੀ ਤੇਜ਼ੀ ਨਾਲ ਪੰਜਾਬ ਦੇ ਦਰਿਆਵਾਂ ਵੱਲ ਵੱਧ ਰਿਹਾ ਹੈ। ਪਾਣੀ ਦੇ ਤੇਜ਼ੀ ਨਾਲ ਦਰਿਆਵਾਂ ਵਿੱਚ ਰਲੇਵੇਂ ਕਾਰਨ ਘੱਗਰ ਦਰਿਆ ਦੇ ਪਾਣੀ ਦਾ ਪੱਧਰ ਹੋਰ ਵੱਧ ਦੇ ਆਸਾਰ ਹਨ। ਦੱਸ ਦਈਏ ਕਿ ਇਸ ਵਾਰ ਫਿਰ ਪਹਾੜਾਂ ਦੇ ਵਿੱਚ ਵੱਡੇ ਪੱਧਰ ਦੇ ਵਿੱਚ ਮੀਂਹ ਪੈ ਰਿਹਾ ਹੈ ਅਤੇ ਭਾਰੀ ਤਬਾਹੀ ਹੋ ਰਹੀ ਹੈ ਉਹੀ ਪਹਾੜਾਂ ਦਾ ਪਾਣੀ ਮੈਦਾਨੀ ਇਲਾਕਿਆਂ ਵਿੱਚ ਆਉਂਦਾ ਹੈ ਤੇ ਲਗਭਗ ਹਿਮਾਚਲ ਦਾ ਕਾਫੀ ਪਾਣੀ ਇਸ ਦੀ ਮਿੱਟੀ ਦਰਿਆ ਵਿੱਚ ਆਉਂਦੀ ਹੈ, ਜੋ ਕਿ ਲਗਾਤਾਰ ਵਧ ਰਿਹਾ ਹੈ। ਸੰਗਰੂਰ ਪ੍ਰਸ਼ਾਸਨ ਲਗਾਤਾਰ ਅਲਰਟ 'ਤੇ ਹੈ ਅਤੇ ਇਲਾਕੇ ਦੇ ਲੋਕਾਂ ਵਿੱਚ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ।



## ਟੀਮ ਇੰਡੀਆ ਨੂੰ ਅਚਾਨਕ ਹੋਟਲ 'ਚ ਕੀਤਾ ਗਿਆ 'ਬੰਦ', ਬਰਮਿੰਘਮ 'ਚ ਫੈਲੀ ਦਹਿਸ਼ਤ; ਕਿਲ੍ਹੇ 'ਚ ਤਬਦੀਲ ਹੋਇਆ ਸਟੇਡੀਅਮ



**ਬਰਮਿੰਘਮ, 2 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅੱਜ ਤੋਂ ਭਾਰਤ ਅਤੇ ਇੰਗਲੈਂਡ ਵਿਚਾਲੇ ਦੂਜਾ ਟੈਸਟ ਮੈਚ ਬਰਮਿੰਘਮ ਦੇ ਐਜਬੈਸਟਨ ਕ੍ਰਿਕਟ ਸਟੇਡੀਅਮ ਵਿੱਚ ਖੇਡਿਆ ਜਾਵੇਗਾ। ਸ਼ੁਭਮਨ ਗਿੱਲ ਅਤੇ ਟੀਮ ਸੀਰੀਜ਼ ਵਿੱਚ 0-1 ਨਾਲ ਪਿੱਛੇ ਹਨ। ਇੱਕ ਦਿਨ ਪਹਿਲਾਂ ਮੰਗਲਵਾਰ ਨੂੰ, ਜਦੋਂ ਖਿਡਾਰੀ ਅਭਿਆਸ ਕਰ ਰਹੇ ਸਨ, ਉਨ੍ਹਾਂ ਨੂੰ ਹੋਟਲ ਭੇਜ ਦਿੱਤਾ ਗਿਆ ਸੀ। ਸਾਰਿਆਂ ਨੂੰ ਹਦਾਇਤ ਦਿੱਤੀ ਗਈ ਸੀ ਕਿ ਕੋਈ ਵੀ ਹੋਟਲ ਤੋਂ ਬਾਹਰ ਨਾ ਜਾਵੇ, ਸੁਰੱਖਿਆ ਵੀ ਵਧਾ ਦਿੱਤੀ ਗਈ। ਮੰਗਲਵਾਰ ਨੂੰ, ਬਰਮਿੰਘਮ ਦੇ ਸੈਂਟੇਨਰੀ ਸਕੁਏਅਰ ਵਿੱਚ ਇੱਕ ਸ਼ੱਕੀ ਪੈਕੇਜ ਮਿਲਣ ਤੋਂ ਬਾਅਦ ਹਫੜਾ-ਦਫੜੀ ਮਚ ਗਈ। ਇਸ ਤੋਂ ਬਾਅਦ, ਟੀਮ ਇੰਡੀਆ ਦੇ ਹੋਟਲ ਦੇ ਬਾਹਰ ਸੁਰੱਖਿਆ ਵਧਾ ਦਿੱਤੀ ਗਈ। ਮੰਗਲਵਾਰ ਨੂੰ, ਭਾਰਤੀ ਖਿਡਾਰੀਆਂ ਦਾ ਇੱਕ ਵਿਕਲਪਿਕ ਅਭਿਆਸ ਸੈਸ਼ਨ ਸੀ, ਜਿਸ ਵਿੱਚ ਕਪਤਾਨ ਸ਼ੁਭਮਨ ਗਿੱਲ ਸਮੇਤ 8 ਖਿਡਾਰੀਆਂ ਨੇ ਹਿੱਸਾ ਲਿਆ। ਬਰਮਿੰਘਮ ਸਿਟੀ ਸੈਂਟਰ ਪੁਲਿਸ ਨੇ ਭਾਰਤੀ ਟੀਮ ਨੂੰ ਹੋਟਲ ਵਿੱਚ ਰਹਿਣ ਦੇ ਨਿਰਦੇਸ਼ ਦਿੱਤੇ। ਇੰਗਲੈਂਡ ਪਹੁੰਚਣ ਤੋਂ ਬਾਅਦ, ਭਾਰਤੀ ਖਿਡਾਰੀ ਹੋਟਲ ਦੇ ਨੇੜੇ ਦੇ ਖੇਤਰ ਵਿੱਚ ਘੁੰਮਣ ਦੀ ਯੋਜਨਾ ਬਣਾ ਰਹੇ ਹਨ। ਲੀਡਜ਼ ਵਿੱਚ ਵੀ, ਖਿਡਾਰੀ ਹੋਟਲ ਦੇ ਨੇੜੇ ਦੇ ਖੇਤਰ ਵਿੱਚ ਘੁੰਮਦੇ ਦੇਖੇ ਗਏ, ਖਿਡਾਰੀਆਂ ਨੇ ਖੁਦ ਇਸ ਦੀਆਂ ਫੋਟੋਆਂ ਸੋਸ਼ਲ ਮੀਡੀਆ 'ਤੇ ਸਾਂਝੀਆਂ ਕੀਤੀਆਂ। ਬਰਮਿੰਘਮ ਸਿਟੀ ਸੈਂਟਰ ਪੁਲਿਸ ਨੇ ਇੱਕ X ਪੋਸਟ ਵਿੱਚ ਲਿਖਿਆ, "ਅਸੀਂ ਬਰਮਿੰਘਮ ਸਿਟੀ ਸੈਂਟਰ ਦੇ ਸੈਂਟੇਨਰੀ ਸਕੁਏਅਰ ਦੇ ਆਲੇ-ਦੁਆਲੇ ਸੁਰੱਖਿਆ ਵਧਾ ਦਿੱਤੀ ਹੈ। ਅਸੀਂ ਇੱਕ ਸ਼ੱਕੀ ਪੈਕੇਜ ਦੀ ਜਾਂਚ ਕਰ ਰਹੇ ਹਾਂ। ਸਾਨੂੰ ਦੁਪਹਿਰ 3 ਵਜੇ ਦੇ ਕਰੀਬ ਅਲਰਟ ਕੀਤਾ ਗਿਆ ਸੀ, ਅਤੇ ਸਾਵਧਾਨੀ ਵਜੋਂ, ਕਈ ਇਮਾਰਤਾਂ ਨੂੰ ਖਾਲੀ ਕਰਵਾ ਲਿਆ ਗਿਆ ਹੈ, ਇਸਦੀ ਜਾਂਚ ਕੀਤੀ ਜਾ ਰਹੀ ਹੈ। ਉਸ ਖੇਤਰ ਵਿੱਚ ਜਾਣ ਤੋਂ ਬਚੋ।" ਸੂਤਰਾਂ ਦੇ ਹਵਾਲੇ ਨਾਲ ਕਿਹਾ ਗਿਆ ਹੈ ਕਿ ਬਰਮਿੰਘਮ ਪੁਲਿਸ ਨੇ ਸਥਿਤੀ ਨੂੰ ਪੂਰੀ ਤਰ੍ਹਾਂ ਕਾਬੂ ਕਰ ਲਿਆ ਹੈ। ਭਾਰਤ ਬਨਾਮ ਇੰਗਲੈਂਡ ਦੂਜੇ ਟੈਸਟ ਵਿੱਚ ਕੋਈ ਖ਼ਤਰਾ ਨਹੀਂ ਹੈ, ਸਾਵਧਾਨੀ ਵਜੋਂ ਸੁਰੱਖਿਆ ਵਧਾ ਦਿੱਤੀ ਗਈ ਹੈ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**


*-- ਗੁਰੂ ਪੰਥ ਦੇ ਸੇਵਾਦਾਰ --*

**ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK**

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net

---

ਦਮਦਮੀ ਟਕਸਾਲ

ਜਥਾ ਭਿੰਡਰਾਂ (ਮਹਿਤਾ)

www.damdamitaksal.net

ਨਾਮ ਜਪੋ ਕਿਰਤ ਕਰੋ ਵੰਡ ਛੱਕੋ — Naam Japo Kirat Karo Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ — WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ — Learn Gatka

www.damdamitaksal.net

---


ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ

Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ

# ਗੁਰਮਤਿ ਸਮਾਗਮ

## 1 ਨਵੰਬਰ 2025, ਦਿਨ ਸ਼ਨੀਵਾਰ ਨੂੰ

## ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ

98141-27470

84278-66404

73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਬੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com

E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

DAMDAMI TAKSAL
JATHA (UK & EUROPE)

# AMRIT SANCHAARS

## JUNE/JULY 2025

ਆਵਾਜ਼ਿ ਕੌਮ
AWAZE QAUM
International Newspaper & WEB TV

## EAST LONDON

SATURDAY 5TH JULY | 1PM

SRI GURU SINGH SABHA, 2-8 PARK AVE, SOUTHALL, UB1 3AG

## SOUTHALL

SUNDAY 20TH JULY | 1PM

SRI GURU SINGH SABHA, 2-8 PARK AVE, SOUTHALL, UB1 3AG

CONTACT **07940 270 120** FOR MORE DETAILS

DAMDAMI TAKSAL JATHA UK & EUROPE


DAMDAMI TAKSAL
ਅੰਮ੍ਰਿਤ ਸੰਚਾਰ
AMRIT SANCHAR
SOUTHALL
ਆਵਾਜ਼ਿ ਕੌਮ AWAZE QAUM
International Newspaper & WEB TV
SUNDAY 20TH JULY | 1PM
SRI GURU SINGH SABHA SOUTHALL
2-8 PARK AVE | SOUTHALL | UB1 3AG
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS


DAMDAMI TAKSAL
ਅੰਮ੍ਰਿਤ ਸੰਚਾਰ
AMRIT SANCHAR
EAST LONDON
ਆਵਾਜ਼ਿ ਕੌਮ AWAZE QAUM
International Newspaper & WEB TV
SATURDAY 5TH JULY | 1PM
ATAM ACADEMY
LITTLE HEATH | BARLEY LN | ROMFORD | RM6 4XX
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS

ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇਹੇਤ
ਪੁਰਜਾਪੁਰਜਾਕਟਿਮਰੈਕਬਹੂਨ ਛਾਡੈ ਖੇਤੁ ॥੨॥੨॥'



Dhan Dhan Shaheed Baba Banda Singh Ji Bahadur De Shaheedi Yaad.
Vich Annual Akhand Path Sahib

**Akhand Path Aram Friday 4th July – 10.00am**

**Akhand Path Bhog**
**Sunday 6th July 10.00am**

ਆਵਾਜ਼ਿ ਕੌਮ AWAZE QAUM International Newspaper & WEB TV

**After Bhog; Kirtan, and**
**Guru Ka Langar.**
**Please join us with your family and friends.**

Guru Nanak Gurudwara, Wednesfield 96 Well Lane, Wednesfield
WV1 1XT Contact: J Singh 07401259555 P Singh 7764707028



ੴ ਸਤਿਗੁਰ ਪ੍ਰਸਾਦਿ
ਸਿਖਹੁ ਸੁਣਹੁ ਸੀਖ ਇਹ ਮੇਰੀ ॥ ਬਾਣੀ ਪੜਹੁ ਸੁਧ ਗੁਰ ਕੇਰੀ ॥ ਪੜ੍ਹੈ ਮਹਾਤਮ ਲਹੈ ਬਿਸਾਲਾ ॥ ਹਲਤ ਪਲਤ ਮਹਿ ਹੋਇ ਨਿਹਾਲਾ ॥
ਗੁਰਦੁਆਰਾ ਸਾਹਿਬ ਰਿਵਰਸਾਈਡ
ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ,
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ 350 ਸਾਲਾ ਗੁਰਤਾਗੱਦੀ ਸ਼ਤਾਬਦੀ ਅਤੇ ਭਾਈ ਮਤੀ ਦਾਸ ਜੀ,
ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ
ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ
ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁੱਧ ਪਾਠ ਬੋਧ (ਸੰਥਿਆ) ਸਮਾਗਮ
ਜੂਨ 29, 2025 ਤੋਂ ਅਗਸਤ 3, 2025 ਤੱਕ
ਸ਼ਨੀਵਾਰ ਅਤੇ ਐਤਵਾਰ ਦੁਪਹਿਰ 2:00 ਤੋਂ 5:00 ਵਜੇ ਤੱਕ
ਸੋਮਵਾਰ ਤੋਂ ਸ਼ੁੱਕਰਵਾਰ ਸ਼ਾਮ 5:00 ਤੋ 8:00 ਵਜੇ ਤੱਕ
ਸੰਗਤਾਂ ਨੂੰ ਬੇਨਤੀ ਹੈ ਕਿ ਗੁਰਬਾਣੀ ਦੇ ਸ਼ੁੱਧ ਉਚਾਰਨ ਸਿੱਖਣ ਲਈ ਸਮਾਗਮਾਂ ਵਿੱਚ ਸ਼ਾਮਿਲ ਹੋ ਕੇ ਲਾਹਾ ਪ੍ਰਾਪਤ ਕਰੋ ਜੀ
YouTube LIVE STREAM @gurdwarasahibriverside
951-201-7034, 832-541-9136, 951-685-9701
7940 Mission Blvd Jurupa Valley 92509
ਆਵਾਜ਼ਿ ਕੌਮ AWAZE QAUM
International Newspaper & WEB TV




--✶ ਗੁਰੂ ਪੰਥ ਦਾ ਸੇਵਾਦਾਰ ✶--
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ
ਮੁਖੀ ਦਮਦਮੀ ਟਕਸਾਲ,
ਜਥਾ ਭਿੰਡਰਾਂ, ਮਹਿਤਾ
ਅਤੇ ਪ੍ਰਧਾਨ ਸੰਤ ਸਮਾਜ




# 18-20TH JULY 2025

**SRI GURU SINGH SABHA SOUTHALL, PARK AVENUE I UB13AG**

ਸ਼ਹੀਦ ਜਨਰਲ ਲਾਭ ਸਿੰਘ ਮੁਖੀ ਖਾਲਿਸਤਾਨ ਕਮਾਂਡੋ ਫੋਰਸ : ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ : ਸ਼ਹੀਦ ਜਨਰਲ ਗੁਰਜੰਟ ਸਿੰਘ ਬੁਧਸਿੰਘ ਵਾਲਾ ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ : ਸ਼ਹੀਦ ਭਾਈ ਮਹਿੰਦਰ ਸਿੰਘ ਟੋਰੰਟੋ (ਕੈਨੇਡਾ)

**ਸਿੱਖ ਫੈਡਰੇਸ਼ਨ ਯੂ.ਕੇ.**

ਪਰਮਿੰਦਰ ਸਿੰਘ ਬੱਲ ਪ੍ਰਧਾਨ, ਅਜੀਤਪਾਲ ਸਿੰਘ ਸਹੋਤਾ ਜਨਰਲ ਸਕੱਤਰ, ਹਰਮੇਲ ਸਿੰਘ ਖ਼ਾਲਸਾ ਆਰਗੇਨਾਈਜ਼ਰ ਟੈਲੀਫ਼ੋਨ : 07771 608 363, ਈ-ਮੇਲ : PSBAL46@gmail.com

# ★ ਸ਼ਹੀਦੀ ਸਮਾਗਮ ★

ਸ੍ਰੀ ਆਖੰਡ ਪਾਠ ਦੇ ਭੋਗ ਉਪਰੰਤ - 11 ਵਜੇ ਤੋਂ ਇਕ ਵਜੇ ਤੱਕ ਦੀਵਾਨ ਸਜੇਗਾ। ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਤੇ ਵਿਚਾਰ ਰੱਖਣਗੇ। ਸਮੂੰਹ ਪੰਥਕ ਆਗੂਆਂ ਨੂੰ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ। ਸੰਗਤਾਂ ਨੂੰ ਹੁੰਮ-ਹੁਮਾ ਕੇ ਪੁੱਜਣ ਦੀ ਅਪੀਲ ਕੀਤੀ ਜਾਂਦੀ ਹੈ।




## ਦਲ ਖਾਲਸਾ ਦੇ ਬਾਨੀ ਭਾਈ ਗਜਿੰਦਰ ਸਿੰਘ ਅਤੇ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀ ਮਿੱਠੀ, ਨਿੱਘੀ ਅਤੇ ਪਿਆਰੀ ਯਾਦ ਵਿੱਚ ਪੰਜਾਬ, ਪਾਕਿਸਤਾਨ, ਜਰਮਨੀ ਅਤੇ ਕੈਨੇਡਾ ਵਿੱਚ ਸ਼ਰਧਾਂਜਲੀ ਸਮਾਗਮ ਆਯੋਜਿਤ ਕੀਤੇ ਜਾ ਰਹੇ ਹਨ।

4 ਜੁਲਾਈ ਨੂੰ ਗੁਰਦਵਾਰਾ ਸਿੱਖ ਸੰਗਤ ਬਰੈਂਪਟਨ, ਕੈਨੇਡਾ
5 ਜੁਲਾਈ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ
5 ਜੁਲਾਈ ਨੂੰ ਗੁਃ ਸ੍ਰੀ ਕਰਤਾਰਪੁਰ ਸਾਹਿਬ, ਪਾਕਿਸਤਾਨ
6 ਜੁਲਾਈ ਨੂੰ ਗੁਰਦਵਾਰਾ ਨਾਨਕ ਦਰਬਾਰ ਸਰੀ ਡੇਲਟਾ ਕੈਨੇਡਾ
6 ਜੁਲਾਈ ਨੂੰ ਗੁਰਦਵਾਰਾ ਨਾਨਕ ਦਰਬਾਰ ਮੌਂਟੀਰੀਅਲ ਕੈਨੇਡਾ
6 ਜੁਲਾਈ ਨੂੰ ਗੁਰਦਵਾਰਾ ਨਾਨਕ ਦਰਬਾਰ ਪਾਰਕ ਮੌਂਟੀਰੀਅਲ
13 ਜੁਲਾਈ ਨੂੰ ਫਰੈਂਕਫਰਟ, ਜਰਮਨੀ

ਆਵਾਜ਼ਿ ਕੌਮ AWAZE QAUM International Newspaper & WEB TV





ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ


ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243




# ਐਸਐਮਓ ਤਲਵੰਡੀ ਸਾਬੋ ਵੱਲੋਂ ਪਿੰਡਾਂ ਵਿਚ ਸਿਹਤ ਕੇਂਦਰਾਂ ਦਾ ਕੀਤਾ ਦੌਰਾ








**ਤਲਵੰਡੀ ਸਾਬੋ, 02 ਜੁਲਾਈ (ਗੁਰਜੰਟ ਸਿੰਘ ਨਥੇਹਾ)-** ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਲਈ ਨਿਰੰਤਰ ਉਪਰਾਲੇ ਕਰ ਰਹੀ ਹੈ ਇਸ ਤਹਿਤ ਐਮਐਲਏ ਤਲਵੰਡੀ ਸਾਬੋ ਪ੍ਰੋ. ਬਲਜਿੰਦਰ ਕੌਰ ਦੇ ਦਿਸ਼ਾ ਨਿਰਦੇਸ਼ ਤਹਿਤ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਮੰਤਵ ਨਾਲ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀ ਕਾਂਤ ਵੱਲੋਂ ਸਿਹਤ ਕੇਂਦਰ ਰਾਜਗੜ੍ਹ ਕੁੱਬੇ, ਕਮਾਲੂ ਸਵੈਚ ਅਤੇ ਆਮ ਆਦਮੀ ਕਲੀਨਿਕ ਕੋਟਲੀ ਖੁਰਦ ਦਾ ਦੌਰਾ ਕੀਤਾ।

ਆਵਾਜ਼ਿ ਕੌਮ
AWAZE QAUM
International Newspaper & WEB TV

ਇਸ ਦੌਰਾਨ ਉਨ੍ਹਾਂ ਸਿਹਤ ਮੰਤਰੀ ਪੰਜਾਬ ਵੱਲੋਂ ਦਿੱਤੀਆਂ ਹਦਾਇਤਾਂ ਸਬੰਧੀ ਆਮ ਆਦਮੀ ਕਲੀਨਿਕ ਦੇ ਸਟਾਫ਼ ਨੂੰ ਜ਼ੋਰ ਦੇ ਕੇ ਕਿਹਾ ਕਿ ਸਿਹਤ ਵਿਭਾਗ ਵੱਲੋਂ ਆਮ ਲੋਕਾਂ ਦੀ ਭਲਾਈ ਲਈ ਕੀਤੇ ਜਾਂਦੇ ਕੰਮਾਂ ਦੀ ਜਾਣਕਾਰੀ, ਦਵਾਈਆਂ, ਟੈਸਟ ਅਤੇ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਵੱਧ ਤੋਂ ਵੱਧ ਲੋਕਾਂ ਨੂੰ ਦਿੱਤੀ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਟੀਕਾਕਰਨ ਸਮੇਤ ਗਰਭਵਤੀ ਔਰਤਾਂ ਦੀ ਸਿਹਤ ਸੰਭਾਲ ਲਈ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਦਾ ਜਾਇਜ਼ਾ ਲਿਆ। ਉਨ੍ਹਾਂ ਇਸ ਮੌਕੇ ਸਟਾਫ਼ ਨੂੰ ਮਰੀਜ਼ਾਂ ਅਤੇ ਲਾਭਪਾਤਰੀਆਂ ਨਾਲ ਆਪਣਾ ਵਤੀਰਾ ਨਿਮਰ ਰੱਖਣ ਦੀ ਹਦਾਇਤ ਕੀਤੀ ਅਤੇ ਵਿਭਾਗ ਵੱਲੋਂ ਦਿੱਤੇ ਟੀਚੇ ਪੂਰੇ ਕਰਨ ਦੀ ਸਖ਼ਤ ਹਦਾਇਤ ਕੀਤੀ। ਇਸ ਮੌਕੇ ਐਸਐਮਓ ਵੱਲੋਂ ਆਸ਼ਾ ਵਰਕਰਾਂ ਨੂੰ ਸਰਕਾਰੀ ਹਸਪਤਾਲਾਂ ਵਿਖੇ ਜਣੇਪਾ ਕਰਵਾਉਣ ਲਈ ਉਤਸ਼ਾਹਿਤ ਕਰਨ ਦੀ ਹਦਾਇਤ ਕੀਤੀ ਗਈ। ਇਸ ਮੌਕੇ ਬਲਾਕ ਐਜੂਕੇਟਰ ਗੁਰਸਿਮਰਤ ਕੌਰ, ਸਮੂਹ ਸਟਾਫ ਸਿਹਤ ਕੇਂਦਰ ਰਾਜਗੜ ਕੁੱਬੇ, ਸਮੂਹ ਸਟਾਫ ਸਿਹਤ ਕੇਂਦਰ ਕਮਾਲੂ ਸਵੈਚ ਅਤੇ ਆਦਮੀ ਕਲੀਨਿਕ ਦਾ ਸਮੂਹ ਸਟਾਫ ਹਾਜਰ ਸਨ। ••





ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਬ੍ਰਿਟੇਨ ਵਿਖੇ ਬ੍ਰਿਟਿਸ਼ ਸਿੱਖਾਂ ਲਈ

# ਯੂਕੇ ਗੁਰਦੁਆਰਾ ਅਲਾਇੰਸ ਪਾਰਲੀਮੈਂਟਰੀ ਨੂੰ ਕੀਤਾ ਗਿਆ ਲਾਂਚ



**ਨਵੀਂ ਦਿੱਲੀ, 2 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:-ਯੂਕੇ ਗੁਰਦੁਆਰਾ ਅਲਾਇੰਸ ਨੂੰ ਸੰਸਦ ਵਿੱਚ ਬ੍ਰਿਟਿਸ਼ ਸਿੱਖਾਂ ਲਈ ਆਲ ਪਾਰਟੀ ਪਾਰਲੀਮੈਂਟਰੀ ਗਰੁੱਪ ਦੀ 20ਵੀਂ ਵਰ੍ਹੇਗੰਢ ਦੇ ਮੌਕੇ 'ਤੇ ਇੱਕ ਸਮਾਗਮ ਵਿੱਚ ਅਧਿਕਾਰਤ ਤੌਰ 'ਤੇ ਲਾਂਚ ਕੀਤਾ ਗਿਆ ਹੈ। ਯੂਕੇ ਗੁਰਦੁਆਰਾ ਅਲਾਇੰਸ ਇੱਕ ਯੂਕੇ-ਵਿਆਪੀ ਗੁਰਦੁਆਰਾ ਸੰਸਥਾ ਹੈ ਜੋ 200 ਤੋਂ ਵੱਧ ਯੂਕੇ ਗੁਰਦੁਆਰਿਆਂ ਲਈ ਸਮੂਹਿਕ ਆਵਾਜ਼ ਪ੍ਰਦਾਨ ਕਰਦੀ ਹੈ। 12 ਖੇਤਰਾਂ ਦੇ 25 ਪ੍ਰਮੁੱਖ ਗੁਰਦੁਆਰੇ ਆਪਣੇ ਖੇਤਰ ਅਤੇ ਯੂਕੇ ਭਰ ਦੇ ਸਾਰੇ ਗੁਰਦੁਆਰਿਆਂ ਨਾਲ ਸਲਾਹ-ਮਸ਼ਵਰਾ ਅਤੇ ਤਾਲਮੇਲ ਕਰਨ ਲਈ ਜ਼ਿੰਮੇਵਾਰ ਹਨ। 25 ਪ੍ਰਮੁੱਖ ਗੁਰਦੁਆਰਿਆਂ ਵਿੱਚ ਸੈਂਟਰਲ ਗੁਰਦੁਆਰਾ (ਖਾਲਸਾ ਜਥਾ) ਲੰਡਨ, ਗੁਰੂ ਨਾਨਕ ਗੁਰਦੁਆਰਾ, ਸਮੈਥਵਿਕ, ਗੁਰੂ ਨਾਨਕ ਦਰਬਾਰ ਗੁਰਦੁਆਰਾ, ਗ੍ਰੇਵਸੈਂਡ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਨਿਊਕੈਸਲ, ਸੈਂਟਰਲ ਗੁਰਦੁਆਰਾ ਗਲਾਸਗੋ, ਸਕਾਟਲੈਂਡ ਸ਼ਾਮਿਲ ਹਨ । ਸੈਂਟਰਲ ਗੁਰਦੁਆਰਾ (ਖਾਲਸਾ ਜਥਾ) ਲੰਡਨ ਦੇ ਪ੍ਰਧਾਨ ਭਾਈ ਗੁਰਪ੍ਰੀਤ ਸਿੰਘ ਆਨੰਦ ਨੇ ਇਕੱਠੇ ਹੋਏ ਮੰਤਰੀਆਂ, ਸੰਸਦ ਮੈਂਬਰਾਂ ਅਤੇ ਸਾਥੀਆਂ ਨੂੰ ਦੱਸਿਆ ਕਿ ਯੂਕੇ ਸਰਕਾਰ ਨੂੰ ਸਿੱਖ ਭਾਈਚਾਰੇ ਨਾਲ ਜੁੜਨ ਦੇ ਤਰੀਕੇ ਨੂੰ ਬਦਲਣਾ ਚਾਹੀਦਾ ਹੈ। ਉਨ੍ਹਾਂ ਕਿਹਾ ਯੂਕੇ ਗੁਰਦੁਆਰਾ ਅਲਾਇੰਸ ਸਰਕਾਰ ਨੂੰ ਵਿਸ਼ਵਾਸ ਨਾਲ ਸਬੰਧਤ ਮਾਮਲਿਆਂ ਅਤੇ ਗੁਰਦੁਆਰਿਆਂ ਅਤੇ ਉਨ੍ਹਾਂ ਦੀ ਸੰਗਤ (ਸਿੱਖ ਸੰਗਤ) 'ਤੇ ਸਿੱਧੇ ਤੌਰ 'ਤੇ ਪ੍ਰਭਾਵ ਪਾਉਣ ਵਾਲੇ ਮੁੱਦਿਆਂ 'ਤੇ ਸ਼ਾਮਲ ਹੋਣ ਲਈ ਇੱਕ ਆਦਰਸ਼ ਪਲੇਟਫਾਰਮ ਪ੍ਰਦਾਨ ਕਰਦਾ ਹੈ। ਗੁਰੂ ਨਾਨਕ ਨਿਸ਼ਕਾਮ ਸੇਵਕ ਜਥੇ ਦੇ ਭਾਈ ਮਹਿੰਦਰ ਸਿੰਘ ਨੇ ਏਪੀਪੀਜੀ ਸਮਾਗਮ ਵਿੱਚ ਸ਼ਿਰਕਤ ਕੀਤੀ ਅਤੇ ਆਪਣੇ ਭਾਸ਼ਣ ਦੌਰਾਨ ਯੂਕੇ ਗੁਰਦੁਆਰਾ ਅਲਾਇੰਸ ਦੀ ਸਥਾਪਨਾ ਦਾ ਸਵਾਗਤ ਕੀਤਾ ਅਤੇ ਗੁਰਦੁਆਰਿਆਂ ਦੇ ਫਰੰਟਲਾਈਨ 'ਤੇ ਹੋਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਯੂਕੇ ਗੁਰਦੁਆਰਾ ਅਲਾਇੰਸ ਸ੍ਰੀ ਅਕਾਲ ਤਖ਼ਤ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਾਲ ਦੁਨੀਆ ਭਰ ਦੇ ਗੁਰਦੁਆਰਿਆਂ ਦੇ ਪ੍ਰਬੰਧਨ ਲਈ ਜ਼ਿੰਮੇਵਾਰ ਦੁਨੀਆ ਭਰ ਦੇ ਸਮਾਨ ਸੰਗਠਨਾਂ ਨਾਲ ਵੀ ਸੰਪਰਕ ਕਰੇਗਾ। ਲਾਰਡ ਵਾਜਿਦ ਖਾਨ, ਧਰਮ ਮੰਤਰੀ ਨੇ ਬ੍ਰਿਟਿਸ਼ ਸਿੱਖਾਂ ਲਈ ਏਪੀਪੀਜੀ ਦੀ 20ਵੀਂ ਵਰ੍ਹੇਗੰਢ 'ਤੇ ਹਾਜ਼ਰ ਲੋਕਾਂ ਨੂੰ ਸੰਬੋਧਨ ਕੀਤਾ। ਉਨ੍ਹਾਂ ਨੇ ਸਮਾਗਮ ਵਿੱਚ ਉਠਾਏ ਗਏ ਕਈ ਮੁੱਦਿਆਂ 'ਤੇ ਵਿਚਾਰ ਕੀਤਾ ਅਤੇ ਉਨ੍ਹਾਂ ਦਾ ਜ਼ਿਕਰ ਕੀਤਾ ਅਤੇ ਕਿਹਾ ਕਿ ਉਨ੍ਹਾਂ ਨੇ ਯੂਕੇ ਗੁਰਦੁਆਰਾ ਅਲਾਇੰਸ ਦੁਆਰਾ ਸਰਕਾਰੀ ਸ਼ਮੂਲੀਅਤ ਬਾਰੇ ਉਠਾਈਆਂ ਗਈਆਂ ਚਿੰਤਾਵਾਂ ਨੂੰ ਸੁਣਿਆ ਹੈ। ਉਨ੍ਹਾਂ ਨੇ ਪੰਜਾਬ ਸਰਕਾਰ ਵਿੱਚ ਘੱਟ ਗਿਣਤੀ ਮਾਮਲਿਆਂ ਦੇ ਮੰਤਰੀ ਰਮੇਸ਼ ਸਿੰਘ ਅਰੋੜਾ ਦਾ ਨਿੱਘਾ ਸਵਾਗਤ ਕੀਤਾ। ਪੰਜਾਬ ਸਰਕਾਰ ਵਿੱਚ ਘੱਟ ਗਿਣਤੀ ਮਾਮਲਿਆਂ ਦੇ ਮੰਤਰੀ ਅਤੇ ਪੀਐਸਜੀਪੀਸੀ ਦੇ ਪ੍ਰਧਾਨ ਰਮੇਸ਼ ਸਿੰਘ ਅਰੋੜਾ ਵਿਸ਼ੇਸ਼ ਤੌਰ 'ਤੇ ਬ੍ਰਿਟਿਸ਼ ਸਿੱਖਾਂ ਲਈ ਏਪੀਪੀਜੀ ਦੀ 20ਵੀਂ ਵਰ੍ਹੇਗੰਢ ਅਤੇ ਯੂਕੇ ਗੁਰਦੁਆਰਾ ਅਲਾਇੰਸ ਦੀ ਸ਼ੁਰੂਆਤ ਵਿੱਚ ਸ਼ਾਮਲ ਹੋਣ ਲਈ ਯੂਕੇ ਆਏ ਸਨ। ਉਨ੍ਹਾਂ ਨੇ ਲਾਂਚ 'ਤੇ ਬੋਲਦਿਆਂ ਕਿਹਾ ਕਿ ਯੂਕੇ ਗੁਰਦੁਆਰਾ ਅਲਾਇੰਸ ਗੁਰਦੁਆਰਿਆਂ ਦੁਆਰਾ ਇੱਕ ਸ਼ਾਨਦਾਰ ਪਹਿਲਕਦਮੀ ਹੈ। 200 ਤੋਂ ਵੱਧ ਯੂਕੇ ਗੁਰਦੁਆਰਿਆਂ ਲਈ ਸਮੂਹਿਕ ਆਵਾਜ਼ ਹੋਣਾ ਬਹੁਤ ਸ਼ਕਤੀਸ਼ਾਲੀ ਹੈ। ਇਹ ਨਾ ਸਿਰਫ਼ ਯੂਕੇ ਸਰਕਾਰ ਦੀ ਸ਼ਮੂਲੀਅਤ ਲਈ ਮਦਦਗਾਰ ਹੋਵੇਗਾ, ਸਗੋਂ ਦੁਨੀਆ ਭਰ ਦੇ ਗੁਰਦੁਆਰਾ ਸੰਸਥਾਵਾਂ ਵਿਚਕਾਰ ਸਬੰਧਾਂ ਨੂੰ ਬਿਹਤਰ ਬਣਾਏਗਾ। ਇਸ ਮੌਕੇ ਸਿੱਖ ਐਮਪੀ ਤਨਮਨਜੀਤ ਸਿੰਘ ਢੇਸੀ, ਜੱਸ ਅੱਠਵਾਲ, ਪ੍ਰੀਤ ਕੌਰ ਗਿੱਲ, ਵਰਿੰਦਰ ਜਸ, ਡਗਲਸ ਮੈਕਐਲਿਸਟਰ, ਸ਼ੌਕਤ ਆਦਮ, ਡਾ. ਲੌਰੇਨ ਸੁਲੀਵਾਨ, ਡਿਪਟੀ ਸਪੀਕਰ ਕੈਰੋਲੀਨ ਨੋਕਸ ਦੇ ਨਾਲ ਸਿੱਖ ਫੈਡਰੇਸ਼ਨ ਯੂਕੇ ਵਲੋਂ ਭਾਈ ਅਮਰੀਕ ਸਿੰਘ ਗਿੱਲ, ਭਾਈ ਦਬਿੰਦਰਜੀਤ ਸਿੰਘ, ਏਪੀਪੀਜੀ ਦੇ ਪਹਿਲੇ ਚੇਅਰਮੈਨ, ਰੌਬ ਮੈਰਿਸ ਅਤੇ ਗੁਰਪ੍ਰੀਤ ਸਿੰਘ ਆਨੰਦ ਨੇ ਵੀਂ ਹਾਜ਼ਿਰੀ ਭਰਦਿਆਂ ਆਪਣੇ ਵਿਚਾਰ ਰੱਖੇ ਸਨ।

**ਯੂਕੇ ਦੀ ਚੈਰਿਟੀ ਕਮਿਸ਼ਨ 'ਤੇ ਪੁਰਾਣਾ ਹੋਣ ਅਤੇ ਗੁਰਦੁਆਰਿਆਂ ਦੀਆਂ ਵਧ ਰਹੀਆਂ ਦਰਪੇਸ਼ ਚੁਣੌਤੀਆਂ ਨੂੰ ਸਮਝਣ ਵਿੱਚ ਅਸਫਲ ਰਹਿਣ ਦਾ ਲਗਾ ਦੋਸ਼**

ਆਵਾਜ਼ਿ ਕੌਮ AWAZE QAUM International Newspaper & WEB TV

# ਇੰਡੀਅਨ ਓਵਰਸੀਜ਼ ਕਾਂਗਰਸ ਯੂਐਸਏ ਨੇ ਕੀਤਾ ਦਲਜੀਤ ਦੁਸਾਂਝ ਦਾ ਸਮਰਥਨ: ਗਿਲਜੀਆਂ



**ਨਵੀਂ ਦਿੱਲੀ 2 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:-ਇੰਡੀਅਨ ਓਵਰਸੀਜ਼ ਕਾਂਗਰਸ ਯੂ ਐਸ ਏ ਦੇ ਪ੍ਰਧਾਨ ਸਰਦਾਰ ਮਹਿੰਦਰ ਸਿੰਘ ਗਿਲਜੀਆਂ ਨੇ ਇੱਕ ਬਿਆਨ ਵਿੱਚ ਕਿਹਾ ਹੈ ਕਿ ਉਹ ਗਾਇਕ ਤੇ ਕਲਾਕਾਰ ਦਲਜੀਤ ਦੁਸਾਂਝ ਦਾ ਸਮਰਥਨ ਕਰਦੇ ਹਨ ਤੇ ਉਹਨਾਂ ਦੇ ਕੀਤੇ ਜਾ ਰਹੇ ਵਿਰੋਧ ਦੀ ਸਖ਼ਤ ਨਿੰਦਾ ਕਰਦੇ ਹਨ। ਉਹਨਾਂ ਕਿਹਾ ਕਿ ਦਲਜੀਤ ਦੁਸਾਂਝ ਪੰਜਾਬ, ਪੰਜਾਬੀ ਤੇ ਪੰਜਾਬੀਅਤ ਦਾ ਆਲਮ ਬਰਦਾਰ ਹੈ। ਉਸ ਨੇ ਪੰਜਾਬ ਦਾ ਵਿਸ਼ਵ ਭਰ ਵਿੱਚ ਨਾਂ ਉੱਚਾ ਕੀਤਾ ਹੈ ਤੇ ਸਿੱਖੀ ਸ਼ਾਨ ਨੂੰ ਉਭਾਰਿਆ ਹੈ। ਉਸ ਦਾ ਅਜੋਕਾ ਵਿਰੋਧ ਚਾਹੇ ਉਸਦੀ ਸਫਲਤਾ ਨਾਲ ਸਾੜਾ ਹੈ, ਪਰ ਅਸਲ ਵਿੱਚ ਇਹ ਸਮੁੱਚੇ ਪੰਜਾਬ ਦਾ ਵਿਰੋਧ ਹੈ । ਉਹਨਾਂ ਹੋਰ ਕਿਹਾ ਕਿ ਦਲਜੀਤ ਦੁਸਾਂਝ ਪੰਜਾਬ ਦੀ ਹਰ ਸਮੱਸਿਆ ਜਾਂ ਹਰ ਅੰਦੋਲਨ ਦੇ ਨਾਲ ਖਲੋਤਾ ਰਿਹਾ ਹੈ ਤੇ ਪੰਜਾਬ ਦੇ ਹੱਕਾਂ ਦੇ ਹੱਕ ਵਿੱਚ ਤਕੜਾ ਸਟੈਂਡ ਲੈਂਦਾ ਰਿਹਾ ਹੈ। ਉਸ ਨੇ ਵਿਸ਼ਵ ਭਰ ਵਿੱਚ ਪੰਜਾਬ ਦਾ ਹੀ ਨਹੀਂ ਪੂਰੇ ਹਿੰਦੁਸਤਾਨ ਦਾ ਨਾਂ ਉੱਚਾ ਕੀਤਾ ਹੈ। ਇਸ ਲਈ ਇੰਡੀਅਨ ਓਵਰਸੀਜ਼ ਕਾਂਗਰਸ ਉਸ ਦਾ ਸਮਰਥਨ ਕਰਦੀ ਹੈ ਅਤੇ ਇਸ ਸਮੇਂ ਉਸ ਦੇ ਨਾਲ ਖਲੋਤੀ ਹੈ। ਉਸ ਦੀ ਫਿਲਮ 'ਸਰਦਾਰ ਜੀ 3 ਭਾਰਤ ਵਿੱਚ ਰਿਲੀਜ਼ ਹੋਣੀ ਚਾਹੀਦੀ ਹੈ ਤੇ ਪੰਜਾਬੀਆਂ ਨੂੰ ਇਸ ਦਾ ਵੱਧ ਚੜ ਕੇ ਸਵਾਗਤ ਕਰਨਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਪੀਪਲ ਹੂ ਇੰਸਪਾਇਰ ਅਵਾਰਡ 2025 ਨਵੀਂ ਦਿੱਲੀ ਵਿਖੇ 10 ਅਗਸਤ ਨੂੰ ਹੋਵੇਗਾ ਆਯੋਜਿਤ




**ਨਵੀਂ ਦਿੱਲੀ, 2 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਵਰਲਡ ਸਿੱਖ ਚੈਂਬਰ ਆਫ ਕਾਮਰਸ ਵੱਲੋਂ ਇੰਗਲਿਸ਼ ਬ੍ਰਾਊਨ ਦੇ ਸਹਿਯੋਗ ਨਾਲ ਪੀਪਲ ਹੂ ਇੰਸਪਾਇਰ ਅਵਾਰਡ 2025 (ਸੀਜ਼ਨ 2) ਦਾ ਆਯੋਜਨ 10 ਅਗਸਤ 2025 ਨੂੰ ਨਵੀਂ ਦਿੱਲੀ ਦੇ ਇਤਿਹਾਸਕ ਦ ਇੰਪੀਰੀਅਲ ਹੋਟਲ, ਜਨਪਥ ਵਿਖੇ ਕੀਤਾ ਜਾ ਰਿਹਾ ਹੈ। ਇਸ ਮਾਣਪੂਰਕ ਮੌਕੇ ਉੱਤੇ ਮਾਨਯੋਗ ਸ਼੍ਰੀ ਚਿਰਾਗ ਪਾਸਵਾਨ, ਕੇਂਦਰੀ ਮੰਤਰੀ, ਫੂਡ ਪ੍ਰੋਸੈਸਿੰਗ ਉਦਯੋਗ, ਭਾਰਤ ਸਰਕਾਰ, ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਇਹ ਅਵਾਰਡ ਭਾਰਤ ਦੇ ਉਹਨਾਂ ਵਿਅਕਤੀਆਂ, ਉੱਦਮਾਂ ਅਤੇ ਨਵੀਨਤਾਕਾਰਾਂ ਨੂੰ ਪਛਾਣ ਅਤੇ ਸਨਮਾਨ ਦੇਣ ਲਈ ਹੈ ਜੋ ਆਪਣੇ ਖੇਤਰਾਂ ਵਿੱਚ ਵਿਸ਼ੇਸ਼ ਪ੍ਰਦਰਸ਼ਨ ਕਰ ਰਹੇ ਹਨ। ਇਹ ਪੁਰਸਕਾਰ ਭਾਰਤ ਦੀ ਉਦਮੀ ਭਾਵਨਾ, ਨਵੀਨਤਾ ਅਤੇ ਆਤਮਨਿਰਭਰਤਾ ਨੂੰ ਮਨਾਉਂਦੇ ਹੋਏ ਮੈਕ ਇਨ ਇੰਡੀਆ ਅਤੇ ਆਤਮਨਿਰਭਰ ਭਾਰਤ ਵਰਗੇ ਰਾਸ਼ਟਰੀ ਅਭਿਆਨਾਂ ਨੂੰ ਸਹਿਯੋਗ ਦਿੰਦੇ ਹਨ। ਅਵਾਰਡਾਂ ਲਈ ਨਾਮਜ਼ਦਗੀਆਂ ਛੇ ਮੁੱਖ ਸ਼੍ਰੇਣੀਆਂ ਵਿੱਚ ਉਪਭੋਗਤਾ ਬ੍ਰਾਂਡ (ਲਾਈਫਸਟਾਈਲ, ਰਿਟੇਲ), ਸਟਾਰਟਅੱਪ ਅਤੇ ਉਭਰਦੇ ਕਾਰੋਬਾਰ, ਨਿਰਯਾਤ ਅਤੇ ਖੇਤਰੀ ਬ੍ਰਾਂਡ, ਵਿਅਕਤੀਗਤ ਉੱਦਮੀ (ਖ਼ਾਸ ਕਰਕੇ ਫੂਡ ਪ੍ਰੋਸੈਸਿੰਗ ਖੇਤਰ), ਹੋਟਲਿੰਗ ਅਤੇ ਐਫ ਐਂਡ ਬੀ ਸੈਕਟਰ, ਅਤੇ ਨਵੀਨਤਾਕਾਰੀ, ਵਾਸਤੇ ਹਨ, ਇੰਨ੍ਹਾ ਵਿਚ ਪੇਟੈਂਟ ਤੇ ਬੌਧਿਕ ਯੋਗਦਾਨ ਵਾਲਿਆਂ ਨੂੰ ਤਰਜੀਹ ਦਿੱਤੀ ਜਾਵੇਗੀ। ਭਾਗ ਲੈਣ ਵਾਲੀ ਹਰ ਨਾਮਜ਼ਦਗੀ ਦੀ ਸਮੀਖਿਆ ਇੱਕ ਵਿਸ਼ੇਸ਼ ਜਿਊਰੀ ਪੈਨਲ ਦੁਆਰਾ ਕੀਤੀ ਜਾਵੇਗੀ ਜਿਸ ਵਿੱਚ ਜੇ.ਡੀ. ਸਿੰਘ (ਸੀਈਓ, ਇੰਗਲਿਸ਼ ਬ੍ਰਾਊਨ ਇੰਡੀਆ), ਡਾ. ਪਰਮੀਤ ਸਿੰਘ ਚੱਢਾ (ਸੰਸਥਾਪਕ ਪ੍ਰਧਾਨ, ਡਬਲਊਐਸਸੀਸੀ ), ਗੌਰਵ ਗੁਪਤਾ (ਸੰਸਥਾਪਕ ਪ੍ਰਧਾਨ, ਜੀਟੀਟੀਸੀਆਈ) ਦੇ ਨਾਲ ਹੋਰ ਪ੍ਰਮੁੱਖ ਅਕਾਦਮਿਕ, ਉਦਯੋਗਕ ਅਤੇ ਨੀਤੀ-ਨਿਰਮਾਤਾ ਸ਼ਾਮਿਲ ਹਨ । ਚੁਣੇ ਗਏ ਅਵਾਰਡੀਜ਼ ਨੂੰ ਖਾਸ ਸ਼੍ਰੇਣੀਆਂ 'ਟਾਈਕੂਨ' ਅਤੇ 'ਟਾਈਕੂਨ ਪਲੱਸ' ਵਿੱਚ ਵੀ ਪੇਸ਼ ਕੀਤਾ ਜਾਵੇਗਾ, ਜੋ ਉਨ੍ਹਾਂ ਨੂੰ ਸਰਕਾਰ, ਉਦਯੋਗ ਅਤੇ ਮੀਡੀਆ ਨਾਲ ਉੱਚ ਪੱਧਰੀ ਪਹੁੰਚ, ਮੀਡੀਆ ਐਕਸਪੋਜ਼ਰ ਅਤੇ ਰਣਨੀਤਕ ਨੈੱਟਵਰਕ ਮੁਹੱਈਆ ਕਰਵਾਉਂਦੀਆਂ ਹਨ। ਹੋਣ ਵਾਲੇ ਪ੍ਰੋਗਰਾਮ ਵਿੱਚ ਮੁੱਖ ਭਾਸ਼ਣ, ਅਵਾਰਡ ਪ੍ਰਦਾਨ ਸਮਾਰੋਹ, ਉੱਚ ਪੱਧਰੀ ਨੈੱਟਵਰਕਿੰਗ ਮੌਕੇ, ਅਤੇ ਪ੍ਰੇਰਕ ਕਹਾਣੀਆਂ ਦੀ ਪ੍ਰਸਤੁਤੀ ਸ਼ਾਮਲ ਹੋਵੇਗੀ। ਨੀਤੀ ਨਿਰਮਾਤਾ, ਸੰਸਥਾਪਕ, ਸੀਈਓਜ਼, ਨਿਵੇਸ਼ਕ, ਮੀਡੀਆ ਆਗੂ ਅਤੇ ਡਿਜੀਟਲ ਪਬਲੀਕੇਸ਼ਨ ਇਸ ਸਮਾਰੋਹ ਵਿੱਚ ਭਾਗ ਲੈਣਗੇ। ਸਮਾਰੋਹ ਦੀ ਓਨਲਾਈਨ ਅਤੇ ਮੀਡੀਆ ਕਵਰੇਜ ਲਈ ਮੀਡੀਆ ਹਾਊਸਾਂ ਨੂੰ ਵਿਸ਼ੇਸ਼ ਸੱਦਾ ਦਿੱਤਾ ਗਿਆ ਹੈ। ਇਸ ਮੌਕੇ ਨੂੰ ਹੋਰ ਵਿਸ਼ਾਲ ਬਣਾਉਣ ਲਈ, ਅਵਾਰਡ ਤੋਂ ਪਹਿਲਾਂ ਅਤੇ ਬਾਅਦ ਇੱਕ ਸੰਯੋਜਿਤ ਡਿਜੀਟਲ ਮੀਡੀਆ ਮੁਹਿੰਮ ਚਲਾਈ ਜਾਵੇਗੀ ਜੋ ਸੋਸ਼ਲ ਮੀਡੀਆ, ਇੰਟਰਵਿਊਜ਼, ਕਵਰੇਜ ਅਤੇ ਪ੍ਰਸਾਰ ਰਾਹੀਂ ਉਮੀਦਵਾਰਾਂ ਅਤੇ ਉਨ੍ਹਾਂ ਦੀ ਪ੍ਰੇਰਕ ਯਾਤਰਾ ਨੂੰ ਪੇਸ਼ ਕਰੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਅਸ਼ੀਰਵਾਦ ਸਕੀਮ ਤਹਿਤ

# 2763 ਲਾਭਪਾਤਰੀਆਂ ਨੂੰ ਮਿਲੇ 14.09 ਕਰੋੜ ਰੁਪਏ



**☛ ਪ੍ਰਧਾਨ ਮੰਤਰੀ ਆਦਰਸ਼ ਗ੍ਰਾਮ ਯੋਜਨਾ ਅਧੀਨ ਜ਼ਿਲ੍ਹੇ ਦੇ 13 ਪਿੰਡਾਂ ਨੂੰ 20.00 ਲੱਖ ਰੁਪਏ ਪ੍ਰਤੀ ਪਿੰਡ ਦਿੱਤੇ ☛ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਮੈਂਬਰ ਵੱਲੋਂ ਭਲਾਈ ਸਕੀਮਾਂ ਸੰਬੰਧੀ ਸਮੀਖਿਆ**

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਜ਼ਿਲ੍ਹੇ ਵਿੱਚ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ ਸਾਲ 2024-25 ਦੌਰਾਨ 14,610 ਵਿਦਆਰਥੀਆਂ ਨੂੰ 12.13 ਕਰੋੜ ਰੁਪਏ ਦੀ ਰਾਸ਼ੀ ਵੰਡੀ ਗਈ। ਪ੍ਰਧਾਨ ਮੰਤਰੀ ਆਦਰਸ਼ ਗ੍ਰਾਮ ਯੋਜਨਾ ਅਧੀਨ ਜ਼ਿਲ੍ਹੇ ਦੇ 13 ਪਿੰਡਾਂ ਨੂੰ 20.00 ਲੱਖ ਰੁਪਏ ਪ੍ਰਤੀ ਪਿੰਡ ਦੀ ਰਾਸ਼ੀ ਵੰਡੀ ਗਈ। ਅਸ਼ੀਰਵਾਦ ਸਕੀਮ ਅਧੀਨ 51000 ਰੁਪਏ ਦੀ ਸਹਾਇਤਾ ਲੜਕੀ ਦੇ ਵਿਆਹ ਸਮੇਂ ਲੜਕੀ ਦੇ ਪਿਤਾ ਦੇ ਖਾਤੇ ਵਿੱਚ ਆਨਲਾਈਨ ਸਿਸਟਮ ਰਾਹੀਂ ਟਰਾਂਸਫਰ ਕੀਤੀ ਜਾਂਦੀ ਹੈ। ਸਾਲ 2024-25 ਦੇ 2763 ਲਾਭਪਾਤਰੀਆਂ ਨੂੰ 14.09 ਕਰੋੜ ਰੁਪਏ ਦੀ ਰਾਸ਼ੀ ਵੰਡੀ ਗਈ ਹੈ।ਅੱਤਿਆਚਾਰ ਰੋਕਥਾਮ ਐਕਟ ਤਹਿਤ ਤਕਰੀਬਨ 30 ਕੇਸ ਚੱਲ ਰਹੇ ਹਨ, ਇਹਨਾਂ ਮੁਕੱਦਮਿਆਂ ਵਿੱਚ ਐਕਟ ਦੇ ਨਿਯਮਾਂ ਅਨੁਸਾਰ ਪੀੜਤਾਂ ਨੂੰ ਪਹਿਲੀ ਅਤੇ ਦੂਜੀ ਕਿਸ਼ਤ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਇਹ ਜਾਣਕਾਰੀ ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਦੇ ਮੈਂਬਰ ਗੁਲਜ਼ਾਰ ਸਿੰਘ ਬੌਬੀ ਵੱਲੋਂ ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਦਫ਼ਤਰ ਵਿਖੇ ਪਹੁੰਚ ਕੇ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦਾ ਰੀਵਿਊ ਕਰਨ ਮੌਕੇ ਸਾਂਝੀ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਫ਼ਸਰ, ਸੁਖਸਾਗਰ ਸਿੰਘ ਵੱਲੋਂ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਅਸ਼ੀਰਵਾਦ ਸਕੀਮ, ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ, ਪ੍ਰਧਾਨ ਮੰਤਰੀ ਆਦਰਸ਼ ਗ੍ਰਾਮ ਯੋਜਨਾ, ਅੱਤਿਆਚਾਰ ਰੋਕਥਾਮ ਐਕਟ 1989 ਤਹਿਤ ਪੀੜਤਾਂ ਨੂੰ ਮੁਆਵਜ਼ਾ ਦੇਣ ਸਬੰਧੀ ਅਤੇ ਅੰਤਰਜਾਤੀ ਵਿਆਹ ਸਕੀਮ ਸਬੰਧੀ ਲਾਭਪਾਤਰੀਆਂ ਨੂੰ ਵੰਡੀ ਰਾਸ਼ੀ ਸਬੰਧੀ ਜਾਣਕਾਰੀ ਦਿੱਤੀ ਗਈ। ਜ਼ਿਲ੍ਹਾ ਫੀਲਡ ਅਫ਼ਸਰ, ਸ੍ਰੀ ਕੁਲਵੀਰ ਸਿੰਘ ਬੈਂਕਫਿੰਕੋ ਸੰਗਰੂਰ ਵੱਲੋਂ ਦੱਸਿਆ ਗਿਆ ਕਿ ਇਸ ਵਿਭਾਗ ਵੱਲੋਂ ਪੱਛੜੀਆਂ ਸ੍ਰੇਣੀਆਂ ਲਈ ਵਿਆਜ ਦੀਆਂ ਸਸਤੀਆਂ ਦਰਾਂ 'ਤੇ ਕਰਜ਼ਾ ਮੁਹੱਈਆ ਕਰਵਾਇਆ ਜਾਂਦਾ ਹੈ।ਇਸ ਸਾਲ 2025-26 ਦੌਰਾਨ ਸਿੱਧਾ ਕਰਜ਼ਾ ਸਕੀਮ ਅਧੀਨ ਬੀ.ਸੀ. ਅਤੇ ਘੱਟ ਗਿਣਤੀ ਵਰਗ ਨੂੰ 60 ਲੱਖ ਰੁਪਏ ਦੀ ਰਾਸ਼ੀ ਵੰਡੀ ਗਈ ਹੈ। ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਸਹਾਇਕ ਜ਼ਿਲ੍ਹਾ ਮੈਨੇਜਰ ਸ੍ਰੀ ਰਾਕੇਸ਼ ਕੰਡਾਰੀ ਵੱਲੋਂ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਜਿਸ ਵਿੱਚ ਸਿੱਧਾ ਕਰਜ਼ਾ ਸਕੀਮ ਐਨ.ਐਸ.ਕੇ.ਐਫ.ਡੀ.ਸੀ., ਐਨ.ਐਚ.ਡੀ.ਸੀ. ਅਤੇ ਬੈਂਕ ਟਾਈਅੱਪ ਸਕੀਮਾਂ ਸਬੰਧੀ ਜਾਣਕਾਰੀ ਦਿੱਤੀ ਗਈ ਅਤੇ ਦੱਸਿਆ ਗਿਆ ਕਿ ਇਸ ਵਿਭਾਗ ਵੱਲੋਂ ਐਸ.ਸੀ.ਜਾਤੀਆਂ ਨਾਲ ਸਬੰਧਤ ਵਿਅਕਤੀਆਂ ਨੂੰ 1.00 ਲੱਖ ਤੋਂ ਲੈ ਕੇ 30.00 ਲੱਖ ਰੁਪਏ ਦਾ ਕਰਜ਼ਾ ਮੁਹੱਈਆ ਕਰਵਾਇਆ ਜਾਂਦਾ ਹੈ। ਸਾਲ 2025-26 ਦੌਰਾਨ 13 ਲਾਭਪਾਤਰੀਆਂ ਨੂੰ ਇਹਨਾਂ ਸਕੀਮਾਂ ਤਹਿਤ ਲਾਭ ਦਿੱਤਾ ਜਾ ਚੁੱਕਾ ਹੈ ਅਤੇ 105 ਲਾਭਪਾਤਰੀਆਂ ਦੇ ਕਰਜ਼ਾ ਕੇਸ ਮਨਜ਼ੂਰ ਕਰਨ ਉਪਰੰਤ ਮੁੱਖ ਦਫ਼ਤਰ ਨੂੰ ਸਬਸਿਡੀ ਲਈ ਭੇਜ ਦਿੱਤਾ ਗਿਆ ਹੈ।

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਮੈਂਬਰ ਸ਼੍ਰੀ ਬੌਬੀ ਵੱਲੋਂ ਸਮਾਜਿਕ ਨਿਆਂ ਅਤੇ ਘੱਟ ਗਿਣਤੀ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦੀ ਪ੍ਰਗਤੀ ਤੇ ਸੰਤੁਸ਼ਟੀ ਜ਼ਾਹਿਰ ਕੀਤੀ ਗਈ।ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀਆਂ ਦੀ ਭਲਾਈ ਲਈ ਬਹੁਤ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਦੇ ਸਾਰਥਿਕ ਸਿੱਟੇ ਨਿਕਲ ਰਹੇ ਹਨ। ਉਹਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲਿਆ ਜਾਵੇ।

ਮੁੱਖ ਮੰਤਰੀ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ

# ਧੂਰੀ ਵਾਸੀਆਂ ਦੀਆਂ ਸੁਣੀਆਂ ਸਮੱਸਿਆਵਾਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਧੂਰੀ ਦਫਤਰ ਵਿਖੇ ਪਹੁੰਚ ਕੇ ਹਲਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਸੁਣਿਆ ਅਤੇ ਮੌਕੇ ਤੇ ਹੱਲ ਕੀਤਾ। ਇਸ ਮੌਕੇ ਸ,ਦਲਵੀਰ ਸਿੰਘ ਢਿੱਲੋ ਹਲਕਾ ਸੰਗਠਨ ਇੰਚਾਰਜ ਧੂਰੀ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਚੇਅਰਮੈਨ ਸ੍ਰੀ ਅਸ਼ੋਕ ਕੁਮਾਰ ਲੱਖਾ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਬਲਾਕ ਪ੍ਰਧਾਨ ਗਗਨ ਜਵੰਧਾ, ਸੰਦੀਪ ਤਾਇਲ ਪੱਪੂ, ਐਡਵੋਕੇਟ ਹੈਪੀ ਗੋਇਲ, ਰਛਪਾਲ ਸਿੰਘ ਭੁੱਲਰ, ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ, ਬਲਾਕ ਪ੍ਰਧਾਨ ਕਾਲਾ ਬੇਨੜਾ, ਪੁਸਪਿੰਦਰ ਸੋਮਾ ਐਮ,ਸੀ, ਬਲਾਕ ਪ੍ਰਧਾਨ ਗੁਰਤੇਜ ਸਿੰਘ ਤੇਜੀ ਕੱਕੜਵਾਲ, ਸੁਖਪਾਲ ਪਾਲਾ, ਸਰਪੰਚ ਰਾਜ ਸਿੰਘ ਮਾਨਵਾਲਾ, ਸਰਪੰਚ ਬਲਵੀਰ ਸਿੰਘ ਈਸੀ, ਸਰਪੰਚ ਭਗਵਾਨ ਸਿੰਘ ਭਲਵਾਨ, ਸਰਪੰਚ ਰਾਜੂ ਬਰੜਵਾਲ, ਸਰਪੰਚ ਦਵਿੰਦਰ ਸਿੰਘ ਧੂਰਾ, ਸਰਪੰਚ ਗੋਗਾ ਦੁਗਨੀ, ਨੰਬਰਦਾਰ ਰਜਿੰਦਰ ਸਿੰਘ ਪੇਧਨੀ, ਦਰਸਨ ਸਿੰਘ ਪਾਠਕ, ਨਪਿੰਦਰ ਸਿੰਘ ਕਾਂਝਲਾ, ਮਨਜੀਤ ਸਿੰਘ ਲੱਡਾ, ਗੁਰਪਿੰਦਰ ਸਿੰਘ ਕਹੇਰੂ, ਮਨਦੀਪ ਸਿੰਘ ਰੰਗੀਆਂ, ਸੰਦੀਪ ਸਿੰਘ ਧੂਰੀ ਬੱਸ,ਬੰਤ ਸਿੰਘ ਧੂਰੀ, ਬੱਬੂ ਧੂਰੀ ,ਅਰਸ ਧੂਰੀ ,ਸ਼ੰਭੂ ਧੂਰੀ , ਨਵਜੋਤ ਕੌਰ ਧੂਰੀ ,ਗੁਰਪ੍ਰੀਤ ਸਿੰਘ ਦੋਹਲਾ, ਨਰੇਸ ਸਿੰਗਲਾ,ਸੁਖਦੀਪ ਸਿੰਘ ਚੀਮਾ, ਸੁਰਜੀਤ ਸਿੰਘ ਪੰਚ ਪੇਧਨੀ, ਮੱਖਣ ਸਿੰਘ ਪੰਚ ਪੇਧਨੀ, ਸਰਪੰਚ ਮੱਖਣ ਸਿੰਘ ਪੇਧਨੀ ਹਾਜ਼ਰ ਸਨ।

# ਮੌਜੂਦਾ ਸਰਕਾਰ ਦੀ ਇਸ਼ਿਤਹਾਰਬਾਜੀ ਅਤੇ ਫਜ਼ੂਲਖ਼ਰਚੀ ਨੇ ਪੰਜਾਬ ਨੂੰ ਮਾਲੀ ਮੰਦਹਾਲੀ ਵੱਲ ਧਕੇਲਿਆ : ਸ਼ਮਸ਼ੇਰ ਸਿੰਘ ਪੱਧਰੀ

## ਇਸ਼ਿਤਹਾਰਾਂ ਅਤੇ PR ਮੁਹਿੰਮਾਂ ਤੇ ਪਿਛਲੇ ਤਿੰਨ ਸਾਲ 'ਚ ਕੀਤੇ ਖਰਚਿਆਂ ਦੀ ਕਰਵਾਈ ਜਾਵੇ 317 ਰਾਹੀਂ ਜਾਂਚ



**ਅੰਮ੍ਰਿਤਸਰ, 2 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਹਰ ਜਾਗਰੂਕ ਨਾਗਰਿਕ ਦੇ ਮਨ ਵਿੱਚ ਇਹ ਸਵਾਲ ਉੱਠ ਰਿਹਾ ਹੈ ਕਿ ਪੰਜਾਬ ਸਰਕਾਰ ਆਖ਼ਰ ਇਹਨਾ ਵਿਗਿਆਪਨਾਂ ਲਈ ਕਿੱਥੋਂ ਲੱਖਾਂ-ਕਰੋੜਾਂ ਰੁਪਏ ਲਿਆ ਰਹੀ ਹੈ, ਜਦਕਿ ਹਸਪਤਾਲਾਂ, ਸਕੂਲਾਂ, ਕਿਸਾਨਾਂ ਅਤੇ ਨੌਜਵਾਨਾਂ ਨੂੰ ਖਾਲੀ ਵਾਅਦੇ ਮਿਲ ਰਹੇ ਹਨ? ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਅਕਾਲੀ ਦਲ (ਵਾਰਿਸ ਪੰਜਾਬ ਦੇ) ਅੰਮ੍ਰਿਤਸਰ ਕਾਰਜਕਾਰਨੀ ਕਮੇਟੀ ਦੇ ਮੈਂਬਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਉਹਨਾਂ ਵੱਲੋਂ ਭੇਜੇ ਗਏ ਇਕ ਪ੍ਰੈਸ ਨੋਟ ਰਾਂਹੀ ਕੀਤਾ। ਭਾਈ ਪੱਧਰੀ ਨੇ ਖੁਲਾਸੇ ਕਰਦਿਆਂ ਕਿਹਾ ਕਿ ਉਹ ਸਰਕਾਰ ਦੀ ਵਿੱਤੀ ਅਣਗੰਭੀਰਤਾ ਅਤੇ ਮੰਦੀ ਪ੍ਰਾਥਮਿਕਤਾਵਾਂ ਬਾਰੇ ਗੰਭੀਰ ਚਿੰਤਾ ਪ੍ਰਗਟ ਕਰਦੇ ਹਨ ਕਿ ਆਖਿਰਕਾਰ ਇਹਨਾਂ ਝੂਠੇ ਇਸ਼ਿਤਹਾਰਾਂ ਦੀ ਹਕੀਕਤ ਕੀ ਹੈ। ਸਿਰਫ ਪਿਛਲੇ 3 ਸਾਲਾਂ ਵਿੱਚ ਮੌਜੂਦਾ ਸਰਕਾਰ ਵੱਲੋਂ ਪ੍ਰਿੰਟ ਮੀਡੀਆ ਤੇ ਹੀ ?317 ਕਰੋੜ ਖਰਚ ਕਰ ਦਿੱਤੇ ਗਏ ਹਨ। RTI ਖੁਲਾਸਿਆਂ ਅਨੁਸਾਰ 2017 ਤੋਂ ਹੁਣ ਤੱਕ ਇਲੈਕਟ੍ਰੌਨਿਕ ਅਤੇ ਪ੍ਰਿੰਟ ਮੀਡੀਆ ਵਿੱਚ ਕੁੱਲ ?1,534 ਕਰੋੜ ਦੀ ਰਕਮ ਵਿਗਿਆਪਨਾਂ ਤੇ ਖਰਚ ਹੋ ਚੁੱਕੀ ਹੈ। ਲੁਧਿਆਣਾ ਜ਼ਿਲ੍ਹੇ ਵਿੱਚ ਹੀ 2023 ਦੌਰਾਨ ?5.78 ਕਰੋੜ ਸਿਰਫ ਬੋਰਡਾਂ ਤੇ ਹੋਰ PR ਸਟੰਟਾਂ' ਉੱਤੇ ਲਾਏ ਗਏ। 'ਸਿੱਖਿਆ ਕ੍ਰਾਂਤੀ' ਦੇ ਨਾਂ 'ਤੇ ਸਿਰਫ਼ ਇਨੌਗ੍ਰੇਸ਼ਨ ਤੇ ਉਦਘਾਟਨ ਪੱਥਰ ਲਗਾਉਣ ਲਈ ?20 ਕਰੋੜ ਤੋਂ ਵੱਧ ਖਰਚ ਕਰ ਦਿੱਤੇ ਗਏ। ਉਹਨਾਂ ਕਿਹਾ ਕਿ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਵੀ ਸਰਕਾਰ ਤੋਂ ਪੁੱਛਿਆ ਕਿ ਵਿਗਿਆਪਨ ਅਤੇ ਨਵੀਆਂ VIP ਗੱਡੀਆਂ ਖਰੀਦਣ 'ਤੇ ਕਿੰਨਾ ਖਰਚ ਕੀਤਾ ਗਿਆ, ਜਦਕਿ Forensic Labs ਵਰਗੇ ਜ਼ਰੂਰੀ ਖੇਤਰਾਂ ਨੂੰ ਫੰਡ ਨਹੀਂ ਦਿੱਤੇ ਗਏ। ਵਿੱਤ ਮੰਤਰਾਲੇ ਨੇ ਖੁਦ ਕਬੂਲ ਕੀਤਾ ਹੈ ਕਿ ਕੇਂਦਰ ਤੋਂ ਮਦਦ ਨਾਂ ਮਿਲਣ ਕਾਰਨ ਵਿੱਤੀ ਸੰਕਟ ਹੈ, ਪਰ ਦੂਜੇ ਪਾਸੇ ਸਰਕਾਰ Facebook-Instagram ਤੇ ਹੋਰ ਸੋਸ਼ਲ ਮੀਡੀਆ ਨੈਟਵਰਕਾਂ ਤੇ ਫੋਕੀ ਮਸ਼ਹੂਰੀ ਲਈ ਵੀ ਕ੍ਰੋੜਾਂ ਰੁਪਏ ਖ਼ਰਚ ਕਰ ਰਹੀ ਹੈ। ਜਦੋਂ ਕਿ ਹਕੀਕਤ ਵਿੱਚ ਹਸਪਤਾਲਾਂ ਵਿੱਚ ਦਵਾਈ ਨਹੀਂ, ਸਕੂਲਾਂ ਵਿੱਚ ਅਧਿਆਪਕ ਨਹੀਂ, ਕਿਸਾਨਾਂ ਆਪਣੇ ਹੱਕਾਂ ਲਈ ਤੇ ਨੌਜਵਾਨ ਰੋਜ਼ਗਾਰ ਲਈ ਤਰਸ ਰਹੇ ਹਨ, ਤਾਂ ਇਹਨਾਂ ਇਸ਼ਿਤਹਾਰਾਂ ਦੀ ਲੋੜ ਕਿਉਂ? ਭਾਈ ਪੱਧਰੀ ਨੇ ਕਿਹਾ ਕਿ ਅਸੀਂ ਮੰਗ ਕਰਦੇ ਹਾਂ ਕਿ ਇਸ਼ਿਤਹਾਰਾਂ ਅਤੇ PR ਮੁਹਿੰਮਾਂ 'ਤੇ ਖ਼ਰਚੇ ਗਏ ਹਰ ਰੁਪਏ ਦੀ CAG ਜਾਂ ਜੁਡਿਸ਼ੀਅਲ ਜਾਂਚ ਕਰਵਾਈ ਜਾਵੇ। ਸਾਰੇ ਵਿਭਾਗਾਂ ਨੂੰ ਦੱਸਣਾ ਪਵੇ ਕਿ ਕਿਸ media agency ਨੂੰ ਕਿੰਨਾਂ ਭੁਗਤਾਨ ਹੋਇਆ। ਸਾਰੇ ਵਿਦੇਸ਼ ਦੌਰੇ, ਹਵਾਈ ਯਾਤਰਾਵਾਂ, VIP ਸੁਵਿਧਾਵਾਂ ਦੇ ਖਰਚਿਆਂ ਦੀ ਪੂਰੀ ਜਾਣਕਾਰੀ ਜਨਤਾ ਸਾਹਮਣੇ ਲਿਆਂਦੀ ਜਾਵੇ।ਅਕਾਲੀ ਦਲ (ਵਾਰਿਸ ਪੰਜਾਬ ਦੇ) ਸਾਫ਼ ਕਰਦਾ ਹੈ ਕਿ ਅਸੀਂ ਪੰਜਾਬੀ ਜਨਤਾ ਦੇ ਹਰ ਇਕ ਪੈਸੇ ਦੀ ਹਿਸਾਬਤ ਲਵਾਂਗੇ। ਇਹ ਰਾਜ ਲਾਊਡਸਪੀਕਰਾਂ, ਸੈਲਫੀਆਂ, ਅਤੇ ਪੋਸਟਰਾਂ ਦੀ ਬੁਨਿਆਦ 'ਤੇ ਨਹੀਂ ਚੱਲ ਸਕਦਾ। ਸਾਡੇ ਲਈ ਸੱਚ ਤੇ ਸੇਵਾ ਪਹਿਲ ਦੇ ਅਧਾਰ ਹਨ।

# ਵਾਤਾਵਰਨ ਦੀ ਸ਼ੁੱਧਤਾ ਲਈ ਬੂਟੇ ਲਗਾਉਣ ਦਾ ਇਹ ਢੁੱਕਵਾਂ ਸਮਾਂ : ਇੰਦਰਜੀਤ ਸਿੰਘ ਵਾਰੀਆ



ਬੂਟੇ ਅਤੇ ਬਨਸਪਤੀ ਧਰਤੀ ਦਾ ਸੁਹੱਪਣ ਹਨ , ਇਸ ਤੋਂ ਇਲਾਵਾ ਇਹ ਸਾਡੇ ਚੌਗਿਰਦੇ ਨੂੰ ਖ਼ੂਬਸੂਰਤ ਅਤੇ ਮਨੁੱਖ ਦੇ ਜਿਉਣ ਲਾਇਕ ਬਨਾਉਣ ਲਈ ਮੁਫ਼ਤ ਵਿਚ ਆਕਸੀਜਨ ਪ੍ਰਦਾਨ ਕਰਦੇ ਹਨ । ਜੇਕਰ ਜੰਗਲਾਂ ਦੀ ਗੱਲ ਕਰੀਏ ਤਾਂ ਇਸ ਵਕਤ ਪੂਰੇ ਭਾਰਤ ਵਿਚ 26.17% ਅਤੇ ਪੰਜਾਬ ਵਿਚ 3.67% ਰਕਬਾ ਜੰਗਲਾਂ ਹੇਠ ਆਉਂਦਾ ਹੈ ਜਦੋਂ ਕਿ ਇਹ ਰਕਬਾ 33% ਹੋਣਾ ਚਾਹੀਦਾ ਹੈ। ਇਸ ਲਈ ਭਾਰਤ ਅਤੇ ਖਾਸ ਕਰਕੇ ਪੰਜਾਬ ਵਿਚ ਜੰਗਲਾਂ ਹੇਠ ਉਚਿਤ ਮਾਤਰਾ ਵਿਚ ਰਕਬਾ ਲਿਆਉਣ ਲਈ ਵੱਧ ਤੋਂ ਵੱਧ ਬੂਟੇ ਲਗਾਏ ਜਾਣੇ ਚਾਹੀਦੇ ਹਨ ।ਜਿਸ ਲਈ ਜੁਲਾਈ ਮਹੀਨੇ ਦਾ ਇਹ ਸਮਾਂ ਬੇਹੱਦ ਢੁਕਵਾਂ ਹੈ। ਇਸ ਵਕਤ ਪੂਰੇ ਪੰਜਾਬ ਵਿਚ ਮਾਨਸੂਨ ਦੀ ਪਹਿਲੀ ਵਰਖਾ ਹੋ ਚੁਕੀ ਹੈ, ਇਸ ਵਕਤ ਜ਼ਮੀਨ ਦੀ ਉਪਰਲੀ ਸਤਾ ਕਾਫੀ ਗਿਲੀ ਵੀ ਹੋ ਚੁੱਕੀ ਹੈ ਜਿਸ ਕਰਕੇ ਜ਼ਮੀਨ ਵਿਚ ਖੱਡੇ ਪੁੱਟਣਾ ਸੌਖਾ ਹੋ ਜਾਵੇਗਾ। ਇਸ ਸਮੇਂ ਤੇ ਲਗਾਏ ਬੂਟਿਆਂ ਨੂੰ ਜ਼ਿਆਦਾ ਪਾਣੀ ਦੇਣ ਦੀ ਲੋੜ ਵੀ ਨਹੀਂ ਹੈ ਕਿਉਂਕਿ ਕਿ ਬਰਸਾਤ ਦੇ ਮੌਸਮ ਦੀ ਸ਼ੁਰੂਆਤ ਹੈ।ਪੰਜਾਬ ਸਰਕਾਰ ਦੇ ਜੰਗਲਾਤ ਮਹਿਕਮੇ ਵਲੋਂ ਵੀ ਪਿੰਡਾ ਦੀਆਂ ਪੰਚਾਇਤਾ ਨੂੰ ਵਧੀਆ ਕੁਆਲਿਟੀ ਵਾਲੇ ਸੇਹਤਮੰਦ ਬੂਟੇ ਮੁਫ਼ਤ ਵਿਚ ਦੇ ਕੇ ਇਸ ਮਕਸਦ ਦੀ ਪੂਰਤੀ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ। ਬੜੀ ਖੁਸ਼ੀ ਦੀ ਗੱਲ ਹੈ ਕਿ ਪੰਜਾਬ ਵਿਚ ਬੁਹਤ ਸਾਰੀਆਂ ਸਮਾਜ ਸੇਵੀ ਸੰਸਥਾਵਾਂ ਵਾਤਾਵਰਨ ਨੂੰ ਬਚਾਉਣ ਲਈ ਪੂਰੀ ਸ਼ਿੱਦਤ ਨਾਲ ਕੰਮ ਕਰ ਰਹੀਆਂ ਹਨ। ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ, ਸੀਨੀਅਰ ਉਪ ਚੇਅਰਮੈਨ ਸ ਤਰਲੋਚਨ ਸਿੰਘ ਵਾਰੀਆ, ਸਮੂਹ ਅਹੁਦੇਦਾਰ ਅਤੇ ਮੈਂਬਰਾਨ ਵਲੋਂ ਖਦਸ਼ਾ ਪ੍ਰਗਟ ਕਰਦਿਆਂ ਆਖਿਆ ਕਿ ਬੂਟੇ ਲਗਾਉਣ ਅਤੇ ਵਣ ਮਹਾਂਉਤਸਵ ਮਨਾਉਣ ਸਬੰਧੀ ਹਜ਼ਾਰ ਪ੍ਰੋਗਰਾਮ ਕਰਵਾਏ ਜਾਣਗੇ ਇਹ ਸਿਰਫ ਫੋਟੋ ਖਿਚਵਾਉਣ ਤੱਕ ਹੀ ਸਿਮਟ ਜਾਂਦੇ ਹਨ । ਜੇਕਰ ਹਰ ਇਨਸਾਨ ਸੱਚੇ ਦਿਲੋਂ ਇਸ ਕਾਰਜ ਨੂੰ ਅਮਲੀ ਜਾਮਾ ਪਹਿਨਾਏ ਤਾਂ ਜੰਗਲਾਂ ਦੀ ਘਾਟ ਨੂੰ ਪੂਰਾ ਕੀਤਾ ਜਾ ਸਕਦਾ ਹੈ।

**ਵਿਸ਼ੇਸ਼ ਰਿਪੋਰਟ : ਹਰਪ੍ਰੀਤ ਸਿੰਘ ਪਠਲਾਵਾ**

869 ਗ੍ਰਾਮ ਹੈਰੋਇਨ, 157 ਗ੍ਰਾਮ ਅਫੀਮ, 105 ਕਿੱਲੋ ਭੁੱਕੀ ਚੂਰਾ ਪੋਸਤ, 2 ਕਿੱਲੋ 200 ਗ੍ਰਾਮ ਸੁਲਫਾ, 4830 ਨਸ਼ੀਲੀਆਂ ਗੋਲੀਆਂ, 11 ਨਸ਼ੀਲੀਆਂ ਸ਼ੀਸ਼ੀਆਂ ਬਰਾਮਦ

# ਜੂਨ ਮਹੀਨੇ 'ਚ 164 ਮੁਕੱਦਮੇ ਦਰਜ; 221 ਮੁਲਜ਼ਮ ਗ੍ਰਿਫਤਾਰ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਸਰਤਾਜ ਸਿੰਘ ਚਾਹਲ, ਐਸ.ਐਸ.ਪੀ., ਸੰਗਰੂਰ ਨੇ ਦੱਸਿਆ ਕਿ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ "ਯੁੱਧ ਨਸ਼ਿਆਂ ਵਿਰੁੱਧ" ਚਲਾਈ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਮਿਤੀ 01.06.2025 ਤੋਂ 30.06.2025 ਤੱਕ ਨਸ਼ਿਆਂ ਦੇ 122 ਮੁਕੱਦਮੇ ਦਰਜ ਕਰਕੇ 178 ਮੁਲਜ਼ਮ ਕਾਬੂ ਕਰ ਕੇ 869 ਗ੍ਰਾਮ ਹੈਰੋਇਨ, 157 ਗ੍ਰਾਮ ਅਫੀਮ, 105 ਕਿੱਲੋ ਭੁੱਕੀ ਚੂਰਾ ਪੋਸਤ, 2 ਕਿੱਲੋ 200 ਗ੍ਰਾਮ ਸੁਲਫਾ, 4830 ਨਸ਼ੀਲੀਆਂ ਗੋਲੀਆਂ, 11 ਨਸ਼ੀਲੀਆਂ ਸ਼ੀਸ਼ੀਆਂ ਅਤੇ 2500/- ਰੁਪਏ ਡਰੱਗ ਮਨੀ ਬ੍ਰਾਮਦ ਕਰਵਾਈ ਗਈ। ਸ਼ਰਾਬ ਦਾ ਧੰਦਾ ਕਰਨ ਵਾਲਿਆਂ ਖਿਲਾਫ 42 ਮੁਕੱਦਮੇ ਦਰਜ ਕਰ ਕੇ 43 ਮੁਲਜ਼ਮਾਂ ਨੂੰ ਕਾਬੂ ਕਰ ਕੇ 128.250 ਲੀਟਰ ਸ਼ਰਾਬ ਠੇਕਾ ਦੇਸੀ, 681.750 ਲੀਟਰ ਸ਼ਰਾਬ ਨਾਜਾਇਜ਼ ਅਤੇ 1220 ਲੀਟਰ ਲਾਹਣ ਬ੍ਰਾਮਦ ਕਰਵਾਈ ਗਈ। ਇਸ ਤੋਂ ਇਲਾਵਾ ਅਸਲਾ ਐਕਟ ਦੇ 03 ਮੁਕੱਦਮੇ ਦਰਜ ਕਰ ਕੇ 02 ਦੋਸ਼ੀ ਗ੍ਰਿਫਤਾਰ ਕੀਤੇ ਗਏ, 02 ਪਿਸਟਲ/ਰਿਵਾਲਵਰ ਅਤੇ 22 ਕਾਰਤੂਸ ਬ੍ਰਾਮਦ ਕਰਾਏ ਗਏ। ਜੂਆ ਐਕਟ ਤਹਿਤ 02 ਮੁਕੱਦਮੇ ਦਰਜ ਕਰ ਕੇ 13 ਮੁਲਜ਼ਮ ਗ੍ਰਿਫਤਾਰ ਕੀਤੇ ਅਤੇ ਉਨ੍ਹਾਂ ਪਾਸੋਂ 65,350/- ਰੁਪਏ ਬ੍ਰਾਮਦ ਕਰਾਏ ਗਏ। ਮਿਤੀ 08.06.2025 ਨੂੰ ਥਾਣਾ ਦਿੜ੍ਹਬਾ ਅਤੇ ਸ਼ੇਰਪੁਰ ਦੇ ਏਰੀਏ ਵਿੱਚ ਹੋਈ ਕਣਕ ਦੇ ਗੱਟਿਆਂ ਦੀ ਚੋਰੀ ਕਰਨ ਵਾਲੇ ਗਰੋਹ ਦੇ 09 ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਕੇ 421 ਗੱਟੇ ਕਣਕ (ਵਜਨ 210 ਕੁਇੰਟਲ 50 ਕਿੱਲੋ) ਸਮੇਤ ਟਰੱਕ ਬ੍ਰਾਮਦ ਕਰਵਾਇਆ ਗਿਆ। ਮਿਤੀ 09.06.2025 ਨੂੰ ਸੰਗਰੂਰ ਪ੍ਰਸ਼ਾਸਨ ਵੱਲੋਂ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਦੇ ਚੱਲਦਿਆਂ 02 ਨਸ਼ਾ ਤਸਕਰਾਂ ਵੱਲੋਂ ਨਸ਼ਿਆਂ ਦੀ ਤਸਕਰੀ ਕਰ ਕੇ ਕਮੇਟੀ ਸੰਗਰੂਰ ਦੀ ਜ਼ਮੀਨ 'ਤੇ ਬਣਾਈ ਗੈਰਕਾਨੂੰਨੀ ਪ੍ਰਾਪਰਟੀ, ਬੁਲਡੋਜ਼ਰ ਚਲਾ ਕੇ ਢਾਹ ਦਿੱਤੀ ਗਈ। ਮਿਤੀ 16.06.2025 ਨੂੰ ਥਾਣਾ ਸਦਰ ਧੂਰੀ ਦੇ ਏਰੀਆ ਵਿੱਚ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ ਜਾਅਲੀ ਦਸਤਾਵੇਜ਼ ਤਿਆਰ ਕਰ ਕੇ ਨਸ਼ਾ ਤਸਕਰਾਂ ਦੀਆਂ ਜ਼ਮਾਨਤਾਂ ਕਰਵਾਉਣ ਵਾਲੇ ਗਰੋਹ ਦਾ ਪਰਦਾਫਾਸ਼ ਕਰ ਕੇ 05 ਮੁਲਜ਼ਮ ਕਾਬੂ ਕੀਤੇ ਤੇ ਉਨ੍ਹਾਂ ਪਾਸੋਂ ਜਾਅਲੀ ਦਸਤਾਵੇਜ਼ ਬਰਾਮਦ ਕਰਾਏ। ਥਾਣਾ ਸਾਇਬਰ ਕ੍ਰਾਈਮ ਸੰਗਰੂਰ ਵੱਲੋਂ ਫੇਕ ਟ੍ਰੇਡਿੰਗ ਪਲੇਟਫਾਰਮ ਰਾਹੀਂ ਕਰੀਬ 17,93,000/- ਰੁਪਏ ਦੀ ਠੱਗੀ ਮਾਰਨ ਵਾਲੇ ਗਰੋਹ ਦਾ ਪਰਦਾਫਾਸ਼ ਕਰ ਕੇ 10 ਮੁਲਜ਼ਮ ਗ੍ਰਿਫਤਾਰ ਕੀਤੇ ਅਤੇ ਉਨ੍ਹਾਂ ਪਾਸੋਂ 17 ਮੋਬਾਈਲ ਫੋਨ, 06 ਵੱਖ-ਵੱਖ ਖਾਤਿਆਂ ਦੀਆਂ ਚੈੱਕ ਬੁੱਕਾਂ, 05 ਏ.ਟੀ.ਐਮ. ਕਾਰਡ, 01 ਪਾਸਪੋਰਟ ਬਰਾਮਦ ਕਰਾਏ ਗਏ। ਮਿਤੀ 30.06.2025 ਨੂੰ ਥਾਣਾ ਸਿਟੀ-1 ਸੰਗਰੂਰ ਦੇ ਏਰੀਆ ਵਿੱਚ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ ਜਾਅਲੀ ਦਸਤਾਵੇਜ਼ ਤਿਆਰ ਕਰ ਕੇ ਨਸ਼ਾ ਤਸਕਰਾਂ ਦੀਆਂ ਜ਼ਮਾਨਤਾਂ ਕਰਵਾਉਣ ਵਾਲੇ ਅੰਤਰ-ਜ਼ਿਲ੍ਹਾ ਗਰੋਹ ਦਾ ਪਰਦਾਫਾਸ਼ ਕਰ ਕੇ 08 ਮੁਲਜ਼ਮਾਂ ਨੂੰ ਜਾਅਲੀ ਦਸਤਾਵੇਜ਼ਾਂ, ਕੰਪਿਊਟਰ, ਕਲਰ ਪ੍ਰਿੰਟਰ, ਲੈਮੀਨੇਟ ਮਸ਼ੀਨ ਤੇ ਮੋਬਾਈਲ ਫੋਨ ਸਮੇਤ ਕਾਬੂ ਕੀਤਾ ਗਿਆ। ਥਾਣਾ ਸਿਟੀ ਸੰਗਰੂਰ ਦੇ ਏਰੀਆ ਵਿੱਚ ਮੋਟਰਸਾਇਕਲ ਚੋਰ ਗਰੋਹ ਦੇ 04 ਮੁਲਜ਼ਮਾਂ ਨੂੰ ਕਾਬੂ ਕਰ ਕੇ 02 ਮੋਟਰਸਾਇਕਲ ਬ੍ਰਾਮਦ ਕਰਵਾਏ ਗਏ। ਲੋਕਾਂ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰ ਲੋਕਾਂ ਨਾਲ ਮੀਟਿੰਗਾਂ ਕਰ ਕੇ ਆਮ ਪਬਲਿਕ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਅਰਸੇ ਦੌਰਾਨ ਵੱਖ-ਵੱਖ ਗਜ਼ਿਟਡ ਅਫਸਰਾਂ ਵੱਲੋਂ 85 ਪਿੰਡਾਂ/ਸ਼ਹਿਰਾਂ ਵਿੱਚ ਆਮ ਪਬਲਿਕ ਨਾਲ ਮੀਟਿੰਗਾਂ ਕਰ ਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਤੇ ਆਮ ਪਬਲਿਕ ਨੂੰ ਨਸ਼ੇ ਦਾ ਧੰਦਾ ਕਰਨ ਵਾਲੇ ਸਮੱਗਲਰਾਂ ਸਬੰਧੀ ਪੁਲਿਸ ਨੂੰ ਇਤਲਾਹਾਂ ਦੇਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ।

## ਪੰਜਾਬ ਵਿੱਚ ਆਮ ਆਦਮੀ ਪਾਰਟੀ ਸਰਕਾਰ ਦੁਆਰਾ ਅਘੋਸ਼ਿਤ ਐਮਰਜੈਂਸੀ ਅਤੇ

# ਪੁਲਿਸ ਰਾਜ ਦੀਆਂ ਰਣਨੀਤੀਆਂ ਦੀ ਸਖ਼ਤ ਨਿਖੇਧੀ

**ਜਲੰਧਰ, 2 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ (ਆਪ) ਸਰਕਾਰ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਆਪ ਦੇ ਰਾਸ਼ਟਰੀ ਸੰਯੋਜਕ ਅਰਵਿੰਦ ਕੇਜਰੀਵਾਲ ਦੀ ਅਗਵਾਈ ਵਿੱਚ, ਨੇ ਪੰਜਾਬ ਵਿੱਚ ਇੱਕ ਅਘੋਸ਼ਿਤ ਐਮਰਜੈਂਸੀ ਲਾਗੂ ਕਰ ਦਿੱਤੀ ਹੈ, ਜਿਸ ਨਾਲ ਨਾਗਰਿਕਾਂ ਦੇ ਜਮਹੂਰੀ ਅਧਿਕਾਰਾਂ ਨੂੰ ਕੁਚਲਿਆ ਜਾ ਰਿਹਾ ਹੈ। ਅੱਜ ਮੋਹਾਲੀ ਵਿੱਚ ਸ਼੍ਰੋਮਣੀ ਅਕਾਲੀ ਦਲ (ਸ਼੍ਰੋਮਣੀ ਅਕਾਲੀ ਦਲ) ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਕਈ ਅਕਾਲੀ ਦਲ ਵਰਕਰਾਂ ਦੀ ਰੋਕਥਾਮ ਗ੍ਰਿਫਤਾਰੀ ਇਸ ਸਰਕਾਰ ਦੁਆਰਾ ਸ਼ਾਂਤਮਈ ਪ੍ਰਦਰਸ਼ਨਾਂ ਅਤੇ ਵਿਰੋਧ ਨੂੰ ਦਬਾਉਣ ਲਈ ਅਪਣਾਏ ਗਏ ਕਠੋਰ ਉਪਾਵਾਂ ਦਾ ਸਪੱਸ਼ਟ ਉਦਾਹਰਣ ਹੈ।ਮੈਂ ਇਨ੍ਹਾਂ ਕਾਰਵਾਈਆਂ ਦੀ ਪੂਰੀ ਤਰ੍ਹਾਂ ਨਿਖੇਧੀ ਕਰਦਾ ਹਾਂ, ਜੋ ਪੁਲਿਸ ਰਾਜ ਦੀ ਬੂ ਆਉਂਦੀਆਂ ਹਨ ਅਤੇ ਆਪ ਸਰਕਾਰ ਦੇ ਦੋਗਲੇ ਮਿਆਰਾਂ ਨੂੰ ਬੇਨਕਾਬ ਕਰਦੀਆਂ ਹਨ। ਜਦੋਂ ਦਿੱਲੀ ਵਿੱਚ ਆਪ ਦੇ ਨੇਤਾ ਸਭ ਤੋਂ ਮਾਮੂਲੀ ਉਕਸਾਹਟ ’ਤੇ, ਅਕਸਰ ਛੋਟੇ-ਮੋਟੇ ਮੁੱਦਿਆਂ ’ਤੇ ਪ੍ਰਦਰਸ਼ਨ ਕਰਨ ਲਈ ਤੁਰੰਤ ਤਿਆਰ ਹੁੰਦੇ ਹਨ, ਉਹੀ ਪਾਰਟੀ ਪੰਜਾਬ ਵਿੱਚ ਸ਼ਾਂਤਮਈ ਇਕੱਠ ਦੇ ਮੁੱਢਲੇ ਅਧਿਕਾਰ ਨੂੰ ਬੇਰਹਿਮੀ ਨਾਲ ਰੋਕਦੀ ਹੈ। ਸੁਖਬੀਰ ਸਿੰਘ ਬਾਦਲ ਅਤੇ ਅਕਾਲੀ ਵਰਕਰਾਂ ਦੀ ਹਿਰਾਸਤ, ਜੋ ਸਿਰਫ਼ ਆਪਣੇ ਗ੍ਰਿਫਤਾਰ ਨੇਤਾ ਬਿਕਰਮ ਸਿੰਘ ਮਜੀਠੀਆ ਨਾਲ ਇਕਮੁੱਠਤਾ ਪ੍ਰਗਟ ਕਰ ਰਹੇ ਸਨ, ਵਿਰੋਧੀ ਆਵਾਜ਼ਾਂ ਨੂੰ ਚੁੱਪ ਕਰਨ ਦੀ ਸ਼ਰਮਨਾਕ ਕੋਸ਼ਿਸ਼ ਹੈ। ਅਜਿਹੀਆਂ ਰਣਨੀਤੀਆਂ ਨਾ ਸਿਰਫ਼ ਗੈਰ-ਜਮਹੂਰੀ ਹਨ ਸਗੋਂ ਆਪ ਦੁਆਰਾ ਦਾਅਵਾ ਕੀਤੇ ਜਾਣ ਵਾਲੇ ਆਜ਼ਾਦੀ ਅਤੇ ਇਨਸਾਫ ਦੇ ਸਿਧਾਂਤਾਂ ਨੂੰ ਵੀ ਧੋਖਾ ਦਿੰਦੀਆਂ ਹਨ। ਭਗਵੰਤ ਮਾਨ ਸਰਕਾਰ, ਅਰਵਿੰਦ ਕੇਜਰੀਵਾਲ ਦੇ ਇਸ਼ਾਰੇ ’ਤੇ ਕੰਮ ਕਰਦਿਆਂ, ਪੰਜਾਬ ਨੂੰ ਇੱਕ ਪੁਲਿਸ ਰਾਜ ਵਿੱਚ ਬਦਲ ਦਿੱਤਾ ਹੈ, ਜਿੱਥੇ ਵਿਰੋਧੀ ਨੇਤਾਵਾਂ ਅਤੇ ਵਰਕਰਾਂ ਨੂੰ ਉਨ੍ਹਾਂ ਦੇ ਘਰਾਂ ਵਿੱਚ ਨਜ਼ਰਬੰਦ ਕੀਤਾ ਜਾਂਦਾ ਹੈ, ਨਾਕਿਆਂ ’ਤੇ ਰੋਕਿਆ ਜਾਂਦਾ ਹੈ ਅਤੇ ਉਨ੍ਹਾਂ ਨੂੰ ਸੰਵਿਧਾਨਕ ਅਧਿਕਾਰਾਂ ਦੀ ਵਰਤੋਂ ਕਰਨ ਤੋਂ ਰੋਕਿਆ ਜਾਂਦਾ ਹੈ। ਇਹ ਦਿੱਲੀ ਵਿੱਚ ਆਪ ਦੁਆਰਾ ਜਮਹੂਰੀ ਮੁੱਲਾਂ ਦੀ ਉੱਚੀ-ਉੱਚੀ ਵਕਾਲਤ ਦੇ ਬਿਲਕੁਲ ਉਲਟ ਹੈ, ਜਿੱਥੇ ਉਹ ਖੁੱਲ੍ਹ ਕੇ ਪ੍ਰਦਰਸ਼ਨ ਕਰਦੇ ਹਨ ਪਰ ਪੰਜਾਬੀਆਂ ਨੂੰ ਇਹੀ ਅਧਿਕਾਰ ਨਕਾਰਦੇ ਹਨ। ਵਿਰੋਧਾਭਾਸ ਸਪੱਸ਼ਟ ਹੈ ਜਦੋਂ ਆਪ ਦਿੱਲੀ ਵਿੱਚ ਦੂਜਿਆਂ ’ਤੇ ਸਿਆਸੀ ਬਦਲਾਖੋਰੀ ਦਾ ਇਲਜ਼ਾਮ ਲਗਾਉਂਦੀ ਹੈ, ਉਹ ਸੁਖਬੀਰ ਬਾਦਲ ਅਤੇ ਹੋਰਾਂ ਦੀਆਂ ਗ੍ਰਿਫਤਾਰੀਆਂ ਵਿੱਚ ਪੰਜਾਬ ਪੁਲਿਸ ਦੀ ਬੇਸ਼ਰਮੀ ਨਾਲ ਵਰਤੋਂ ਕਰਕੇ ਆਪਣੇ ਸਿਆਸੀ ਵਿਰੋਧੀਆਂ ਨੂੰ ਨਿਸ਼ਾਨਾ ਬਣਾਉਂਦੀ ਹੈ। ਬਿਕਰਮ ਸਿੰਘ ਮਜੀਠੀਆ ਦੀ ਗ੍ਰਿਫਤਾਰੀ, ਜੋ ਸਿਆਸੀ ਤੌਰ ’ਤੇ ਪ੍ਰੇਰਿਤ ਮਾਮਲੇ ਵਿੱਚ ਜਾਪਦੀ ਹੈ, ਅਤੇ ਅਕਾਲੀ ਦਲ ਦੇ ਵਰਕਰਾਂ ’ਤੇ ਇਸ ਤੋਂ ਬਾਅਦ ਦੀ ਕਾਰਵਾਈ, ਆਪ ਸਰਕਾਰ ਦੀ ਬਦਲਾਖੋਰੀ ਵਾਲੀ ਸਿਆਸਤ ਨੂੰ ਹੋਰ ਉਜਾਗਰ ਕਰਦੀ ਹੈ। ਮੈਂ ਆਪਣੇ ਹਾਲੀਆ ਬਿਆਨਾਂ ਵਿੱਚ ਪ੍ਰਗਟ ਕੀਤੇ ਭਾਵਨਾਵਾਂ ਨੂੰ ਦੁਹਰਾਉਂਦਾ ਹਾਂ ਕਿ ਪੰਜਾਬ ਵਿੱਚ ਦੋ ਕਾਨੂੰਨ ਹਨ - ਇੱਕ ਸੱਤਾਧਾਰੀ ਪਾਰਟੀ ਲਈ ਅਤੇ ਦੂਜਾ ਵਿਰੋਧੀ ਧਿਰ ਲਈ। ਇਨਸਾਫ ਦੀ ਇਹ ਚੋਣਵੀਂ ਵਰਤੋਂ ਇੱਕ ਖਤਰਨਾਕ ਮਿਸਾਲ ਹੈ ਜੋ ਕਾਨੂੰਨ ਦੇ ਰਾਜ ਨੂੰ ਕਮਜ਼ੋਰ ਕਰਦੀ ਹੈ ਅਤੇ ਜਮਹੂਰੀ ਸੰਸਥਾਵਾਂ ਵਿੱਚ ਜਨਤਕ ਭਰੋਸੇ ਨੂੰ ਖਤਮ ਕਰਦੀ ਹੈ। ਮੈਂ ਪੰਜਾਬ ਦੀਆਂ ਸਾਰੀਆਂ ਜਮਹੂਰੀ ਸ਼ਕਤੀਆਂ ਅਤੇ ਨਾਗਰਿਕਾਂ ਨੂੰ ਇਨ੍ਹਾਂ ਤਾਨਾਸ਼ਾਹੀ ਉਪਾਵਾਂ ਦੇ ਵਿਰੁੱਧ ਇਕਜੁਟ ਹੋਣ ਦੀ ਅਪੀਲ ਕਰਦਾ ਹਾਂ। ਆਪ ਸਰਕਾਰ ਨੂੰ ਤੁਰੰਤ ਆਪਣੀਆਂ ਜ਼ੁਲਮੀ ਰਣਨੀਤੀਆਂ ਨੂੰ ਰੋਕਣਾ ਚਾਹੀਦਾ ਹੈ, ਜਮਹੂਰੀ ਅਧਿਕਾਰਾਂ ਦੀ ਵਰਤੋਂ ਕਰਨ ਵਾਲਿਆਂ ਨੂੰ ਰਿਹਾ ਕਰਨਾ ਚਾਹੀਦਾ ਹੈ ਅਤੇ ਹਰ ਭਾਰਤੀ ਨੂੰ ਸੰਵਿਧਾਨਕ ਆਜ਼ਾਦੀਆਂ ਨੂੰ ਬਰਕਰਾਰ ਰੱਖਣਾ ਚਾਹੀਦਾ ਹੈ।ਪੰਜਾਬ ਇੱਕ ਅਜਿਹੀ ਸਰਕਾਰ ਦਾ ਹੱਕਦਾਰ ਹੈ ਜੋ ਵਿਰੋਧ ਦਾ ਸਤਿਕਾਰ ਕਰੇ, ਨਾ ਕਿ ਇੱਕ ਅਜਿਹੀ ਸਰਕਾਰ ਜੋ ਇਸ ਨੂੰ ਸਖ਼ਤ ਹੱਥ ਨਾਲ ਦਬਾਏ। ਪੰਜਾਬ ਦੇ ਲੋਕ ਅਜਿਹੇ ਜ਼ੁਲਮ ਦੇ ਸਾਹਮਣੇ ਚੁੱਪ ਨਹੀਂ ਰਹਿਣਗੇ। ਅਸੀਂ ਇਸ ਅਘੋਸ਼ਿਤ ਐਮਰਜੈਂਸੀ ਦੇ ਵਿਰੁੱਧ ਆਪਣੀਆਂ ਆਵਾਜ਼ਾਂ ਉਠਾਉਂਦੇ ਰਹਾਂਗੇ ਅਤੇ ਸਾਡੇ ਸੂਬੇ ਵਿੱਚ ਜਮਹੂਰੀ ਮੁੱਲਾਂ ਦੀ ਬਹਾਲੀ ਲਈ ਸੰਘਰਸ਼ ਕਰਾਂਗੇ। ਆਪ ਦਾ ਦੋਗਲਾਪਣ ਅਤੇ ਤਾਨਾਸ਼ਾਹੀ ਅਣਚੱਲੰਜਡ ਨਹੀਂ ਰਹੇਗੀ, ਅਤੇ ਪੰਜਾਬ ਨੂੰ ਪੁਲਿਸ ਰਾਜ ਵਿੱਚ ਬਦਲਣ ਵਾਲੇ ਜ਼ਿੰਮੇਵਾਰ ਵਿਅਕਤੀਆਂ ਨੂੰ ਲੋਕਾਂ ਦੁਆਰਾ ਜਵਾਬਦੇਹ ਠਹਿਰਾਇਆ ਜਾਵੇਗਾ।



**ਸੁਖਪਾਲ ਸਿੰਘ ਖਹਿਰਾ, ਵਿਧਾਇਕ, ਨੇ ਅਰਵਿੰਦ ਕੇਜਰੀਵਾਲ ਅਤੇ ਭਗਵੰਤ ਮਾਨ ਦੁਆਰਾ ਪੰਜਾਬ ਵਿੱਚ ਲਗਾਈ ਅਘੋਸ਼ਿਤ ਐਮਰਜੈਂਸੀ ਦੀ ਸਖ਼ਤ ਨਿਖੇਧੀ ਕੀਤੀ**

ਆਵਾਜ਼ਿ ਕੌਮ AWAZE QAUM International Newspaper & WEB TV

## ਹਲਕਾ ਜੰਡਿਆਲਾ ਗੁਰੂ ਵਿਖੇ 3 ਕਰੋੜ ਦੇ ਵਿਕਾਸ ਕਾਰਜਾਂ ਦੇ ਰੱਖੇ ਨੀਂਹ ਪੱਥਰ

# ਵੱਖ ਵੱਖ ਪਿੰਡਾਂ ਦੀਆਂ ਸੜ੍ਹਕਾਂ ਦੀ ਕੀਤੀ ਜਾਵੇਗੀ ਨਵੀਂ ਉਸਾਰੀ

ਜੰਡਿਆਲਾ ਗੁਰੂ 2 ਜੁਲਾਈ ( ਕੁਲਵੰਤ ਸਿੰਘ ਵਿਰਦੀ ) ਪਿਛਲੇ ਕਰੀਬ ਸਾਢੇ ਤਿੰਨ ਸਾਲਾਂ ਦੌਰਾਨ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਨੂੰ ਮੁੜ ਲੀਹਾਂ ਤੇ ਲਿਆਂਦਾ ਹੈ ਅਤੇ ਆਉਦੇ ਸਾਲਾਂ ਦੌਰਾਨ ਵੀ ਸੂਬੇ ਦੇ ਵਿਕਾਸ ਵਿਚ ਕੋਈ ਵੀ ਕਸਰ ਬਾਕੀ ਨਹੀ ਛੱਡੀ ਜਾਵੇਗੀ। ਇੰਨਾਂ ਸ਼ਬਦਾਂ ਦਾ ਪ੍ਰਗਟਾਵਾ ਲੋਕ ਨਿਰਮਾਣ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ ਨੇ ਹਲਕਾ ਜੰਡਿਆਲਾ ਵਿਖੇ ਕਰੀਬ 3 ਕਰੋੜ ਰੁਪਏ ਦੀ ਲਾਗਤ ਨਾਲ ਹੁਣ ਵਾਲੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖਣ ਉਪਰੰਤ ਕੀਤਾ ਕੈਬਿਨਟ ਮੰਤਰੀ ਸ: ਹਰਭਜਨ ਸਿੰਘ ਨੇ ਕਿਹਾ ਕਿ ਜੰਡਿਆਲਾ ਹਲਕੇ ਨੂੰ ਸ਼ਹਿਰ ਵਰਗੀਆਂ ਸਾਰੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ ਅਤੇ ਕੋਈ ਵੀ ਪਿੰਡ ਵਿਕਾਸ ਪੱਖੋਂ ਸੱਖਣਾ ਨਹੀ ਰਹਿਣ ਦਿੱਤਾ ਜਾਵੇਗਾ। ਉਨਾਂ ਕਿਹਾ ਕਿ ਸੂਬੇ ਵਿਚ ਸੜਕਾਂ ਦਾ ਜਾਲ ਵਿਛਾਇਆ ਜਾ ਰਿਹਾ ਹੈ ਤਾਂ ਜੋ ਸੂਬੇ ਦੀ ਤਰੱਕੀ ਦੀ ਰਫਤਾਰ ਨੂੰ ਵਧਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਕਿਸੇ ਦੇਸ਼ ਦੇ ਅਰਥਵਿਵਸਥਾ ਵਿਚ ਸਭ ਤੋ ਵੱਡਾ ਯੋਗਦਾਨ ਸੜਕਾਂ ਦਾ ਹੁੰਦਾ ਹੈ ਜੇਕਰ ਸੜਕਾਂ ਠੀਕ ਹਨ ਤਾਂ ਜਿਥੇ ਵਪਾਰ ਵਿਚ ਵਾਧਾ ਹੁੰਦਾ ਹੈ, ਉਥੇ ਹੀ ਸੜਕੀ ਦੁਰਘਟਨਾਵਾਂ ਤੋ ਵੀ ਬਚਾਓ ਰਹਿੰਦਾ ਹੈ !ਲੋਕ ਨਿਰਮਾਣ ਮੰਤਰੀ ਨੇ ਦੱਸਿਆ ਕਿ 1 ਕਰੋੜ 11 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਮੱਲ੍ਹੀਆਂ ਤੋਂ ਤਿੰਮੋਵਾਲ ਸੜ੍ਹਕ ਤੋਂ ਖੇਲਾ ਤੋਂ ਛੱਜਲਵੱਡੀ ਟਾਂਗਰਾ ਰੋਡ ਅਤੇ ਡਰੇਨ ਜਿਸਦੀ ਕੁੱਲ ਲੰਬਾਈ 3.15 ਕਿਲੋਮੀਟਰ ਹੈ ਦੀ ਨਵੀਂ ਸੜ੍ਹਕ ਉਸਾਰੀ ਜਾਵੇਗੀ।ਉਨਾਂ ਦੱਸਿਆ ਕਿ ਪਿੰਡ ਵਾਸੀਆਂ ਦੀ ਬੜੇ ਚਿਰ ਤੋਂ ਮੰਗ ਸੀ ਕਿ ਇਸ ਸੜ੍ਹਕ ਨੂੰ ਬਣਾਇਆ ਜਾਵੇ। ਉਨਾਂ ਦੱਸਿਆ ਕਿ ਲੋਕਾਂ ਨੂੰ ਆਸ ਹੀ ਨਹੀਂ ਸੀ ਕਿ ਕਦੀ ਇਹ ਸੜ੍ਹਕ ਵੀ ਬਣੇਗੀ। ਸ: ਈ.ਟੀ.ਓ ਨੇ ਕਿਹਾ ਕਿ ਇਹ ਆਮ ਲੋਕਾਂ ਦੀ ਸਰਕਾਰ ਹੈ ਅਤੇ ਆਮ ਲੋਕਾਂ ਦੇ ਕੰਮ ਪਹਿਲ ਦੇ ਆਧਾਰ ਦੇ ਕਰੇਗੀ। ਸ: ਈ.ਟੀ.ਓ. ਵਲੋਂ 1 ਕਰੋੜ 72 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਮਿਹਰਬਾਨਪੁਰ ਵਿਖੇ ਇੰਟਰਲਾਕਿੰਗ ਟਾਈਲਾਂ, ਅੰਮ੍ਰਿਤਸਰ ਜਲੰਧਰ ਰੋਡ ਤੋਂ ਮਿਹਰਬਾਨਪੁਰਾ ਦੀ ਉਸਾਰੀ ਅਤੇ ਮਿਹਰਬਾਨਪੁਰਾ ਸੜ੍ਹਕ ਤੋਂ ਵਡਾਲੀ ਸੜ੍ਹਕ ਤੱਕ ਜਿਸਦੀ ਕੁੱਲ ਲੰਬਾਈ 5.164 ਕਿਲੋਮੀਟਰ ਬਣਦੀ ਹੈ ਤੇ ਨਵੀਂ ਉਸਾਰੀ ਕੀਤੀ ਜਾਵੇਗੀ। ਸ: ਈ.ਟੀ.ਓ. ਨੇ ਦੱਸਿਆ ਕਿ ਸਾਰੇ ਕੰਮ ਸਬੰਧਤ ਠੇਕੇਦਾਰਾਂ ਨੂੰ ਅਲਾਟ ਕਰ ਦਿੱਤੇ ਗਏ ਹਨ ਅਤੇ ਆਉਂਦਿਆਂ 6 ਮਹੀਨੇ ਦੌਰਾਨ ਕੰਮ ਮੁਕੰਮਲ ਕਰਨ ਦਾ ਟੀਚਾ ਮਿੱਥਿਆ ਗਿਆ ਹੈ। ਉਨਾਂ ਦੱਸਿਆ ਕਿ ਇਹਨਾਂ ਸੜ੍ਹਕਾਂ ਦੀ ਨਵ ਉਸਾਰੀ ਲਾਲ ਇਥੋਂ ਦੇ ਵਸਨੀਕਾਂ ਨੂੰ ਕਾਫ਼ੀ ਰਾਹਤ ਮਿਲੇਗੀ।ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਗੁਣਵਤਾ ਵਿਚ ਕੋਈ ਕਮੀ ਬਰਦਾਸ਼ਤ ਨਹੀ ਕੀਤੀ ਜਾਵੇਗੀ।ਉਨ੍ਹਾਂ ਪਿੰਡ ਵਾਸੀਆਂ ਨੂੰ ਕਿਹਾ ਕਿ ਜੇਕਰ ਉਹ ਵਿਕਾਸ ਦੇ ਕੰਮ ਵਿਚ ਕੋਈ ਉਣਤਾਈ ਦੇਖਣ ਤਾਂ ਮੇਰੇ ਧਿਆਨ ਵਿਚ ਲਿਆਉਣ,ਉਸੇ ਸਮੇ ਹੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਕਾਰਜਾਂ ਨੂੰ ਸਮੇ ਸਿਰ ਮੁਕੰਮਲ ਕਰਨ ਲਈ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ।

ਕੈਬਨਿਟ ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਲੋਕਾਂ ਨੂੰ ਹਰ ਸਹੂਲਤ ਦੇਣ ਲਈ ਵਚਨਬੱਧ ਹੈ ਅਤੇ ਇਸੇ ਤਹਿਤ ਲੋਕਾਂ ਨੂੰ ਤਹਿਸੀਲਾਂ ਵਿੱਚੋਂ ਹੁੰਦੀ ਖਜਰ ਖ਼ੁਆਰੀ ਤੋਂ ਬਚਾਉਣ ਲਈ ਈ ਜਮਾ ਬੰਦੀ ਆਨਲਾਈਨ ਸਹੂਲਤ ਸ਼ੁਰੂ ਕਰ ਦਿੱਤੀ ਗਈ ਹੈ ।ਜਿਸ ਨਾਲ ਲੋਕ ਘਰ ਬੈਠੇ ਹੀ ਆਪਣੇ ਘਰ ਪਲਾਟ ਆਦਿ ਦੀ ਜਮਾਂਬੰਦੀ ਪ੍ਰਾਪਤ ਕਰ ਸਕਣਗੇ, ਇੰਤਕਾਲ ਕਰਵਾ ਸਕਣਗੇ। ਜਿਸ ਨਾਲ ਉਹਨਾਂ ਨੂੰ ਤਹਿਸੀਲਾਂ ਦੇ ਚੱਕਰ ਮਾਰਨੇ ਨਹੀਂ ਪੈਣਗੇ। ਇਸ ਮੌਕੇ ਸਰਪੰਚ ਵਰਿੰਦਰ ਕੌਰ ਪਿੰਡ ਮੱਲੀਆਂ , ਭਲਵਾਨ ਬੂਟਾ ਸਿੰਘ ਦਾਣਾ ਪਾਣੀ ਢਾਬੇ ਵਾਲੇ, ਗੁਰਜਿੰਦਰ ਸਿੰਘ ਦਾਣਾ ਪਾਣੀ ਢਾਬੇ ਆਲੇ, ਗੁਰਬੇਜ ਸਿੰਘ ਚੱਕੀ ਵਾਲੇ ਸ਼ਿੰਦਰ ਸ਼ਾਹ, ਸੰਜੀਵ ਕੁਮਾਰ, ਰਜਿੰਦਰ ਸਿੰਘ ਸਲਵਾਨ ਸ਼ੈਲਰ ਵਾਲੇ ਨਵ ਕਰਮ ਸਿੰਘ ਮੱਲੀ ਐਮਕੇ ਟਰਾਂਸਪੋਰਟ ਵਾਲੇ ਆਦਿ ਹਾਜ਼ਰ ਸਨ।



**ਪਿੰਡ ਮੱਲੀਆਂ ਤੋਂ ਤਿੰਮੋਵਾਲ ਸੜ੍ਹਕ ਦਾ ਸ੍ ਈ.ਟੀ.ਓ ਰੱਖਿਆ ਨੀਂਹ ਪੱਥਰ**

ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ ਵਿਖੇ ਟੈਕਨੀਕਲ ਸਰਵਿਸ ਯੂਨੀਅਨ ਦੀ ਚੋਣ ਮੌਕੇ ਅਮਨਦੀਪ ਸਿੰਘ ਜਾਣੀਆ ਸਬ ਡਿਵੀਜ਼ਨ ਜੰਡਿਆਲਾ ਗੁਰੂ ਦੇ ਬਣੇ ਪ੍ਰਧਾਨ



**ਜੰਡਿਆਲਾ ਗੁਰੂ 2 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਸਬ ਡਿਵੀਜ਼ਨ ਜੰਡਿਆਲਾ ਗੁਰੂ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ ਵਿਖੇ ਟੈਕਨੀਕਲ ਸਰਵਿਸ ਯੂਨੀਅਨ ਦੀ 5 ਮੈਂਬਰੀ ਕਮੇਟੀ ਦੀ ਚੋਣ ਹੋਈ ਜਿਸ ਵਿੱਚ ਸਾਥੀ ਅਮਨਦੀਪ ਸਿੰਘ ਜਾਣੀਆ ਸਰਬ ਸੰਮਤੀ ਨਾਲ ਸਬ ਡਿਵੀਜ਼ਨ ਜੰਡਿਆਲਾ ਗੁਰੂ ਦੇ ਪ੍ਰਧਾਨ ਚੁਣੇ ਗਏ, ਉਹਨਾਂ ਤੋਂ ਇਲਾਵਾ ਸਾਥੀ ਵਿਕਰਮਜੀਤ ਸਿੰਘ ਮੀਤ ਪ੍ਰਧਾਨ ,ਸਾਥੀ ਹਰਮਨਦੀਪ ਸਿੰਘ ਸਕੱਤਰ, ਸਾਥੀ ਅਨਿਲ ਕੁਮਾਰ ਮੀਤ ਸਕੱਤਰ ਤੇ ਸਾਥੀ ਨੀਰਜ ਕੁਮਾਰ ਨੂੰ ਕੈਸ਼ੀਅਰ ਨਿਯੁਕਤ ਕੀਤਾ ਗਿਆ, ਇਸ ਮੌਕੇ ਸਾਥੀ ਪ੍ਰਧਾਨ ਅਮਨਦੀਪ ਸਿੰਘ ਤੇ ਚੁਣੇ ਗਏ ਹੋਰ ਅਹੁਦੇਦਾਰਾਂ ਵੱਲੋਂ ਸਾਥੀ ਕਰਮੀਆਂ ਦਾ ਧੰਨਵਾਦ ਕਰਦਿਆਂ ਉਹਨਾਂ ਨੂੰ ਭਰੋਸਾ ਦਵਾਉਂਦਿਆਂ ਕਿਹਾ ਕਿ ਉਹ ਉਹਨਾਂ ਦੀਆਂ ਉਮੀਦਾਂ ਤੇ ਹਮੇਸ਼ਾ ਖਰੇ ਉਤਰਨਗੇ ਤੇ ਸਾਥੀ ਕਰਮੀਆਂ ਦੇ ਸਬ ਡਿਵੀਜ਼ਨ ਲੈਵਲ ਤੇ ਲੰਬੇ ਸਮੇਂ ਤੋਂ ਲਟਕਦੇ ਆ ਰਹੇ ਕੰਮਾਂ ਨੂੰ ਡਿਵੀਜ਼ਨ ਕਮੇਟੀ ਦੇ ਆਗੂਆਂ ਦੇ ਤਾਲਮੇਲ ਨਾਲ ਪਹਿਲ ਦੇ ਆਧਾਰ ਤੇ ਹੱਲ ਕਰਵਾਉਣਗੇ, ਉਪਰੰਤ ਪ੍ਰਧਾਨ ਅਮਨਦੀਪ ਸਿੰਘ ਜਾਣੀਆ ਤੇ ਉਹਨਾਂ ਦੀ ਚੁਣੀ ਗਈ ਸਮੁੱਚੀ ਟੀਮ ਨੂੰ ਸਮੂਹ ਸਬ ਡਿਵੀਜ਼ਨ ਸਾਥੀ ਕਰਮੀਆਂ ਅਤੇ ਉਚੇਚੇ ਤੌਰ ਤੇ ਪਹੁੰਚੇ ਟੈਕਨੀਕਲ ਸਰਵਿਸ ਯੂਨੀਅਨ ਦੇ ਸੂਬਾ ਆਗੂ ਕਨਵੀਨਰ ਕੁਲਦੀਪ ਸਿੰਘ ਉਦੋਕੇ, ਦਲਬੀਰ ਸਿੰਘ ਜੌਹਲ ਸੂਬਾ ਆਗੂ ਤੇ ਗੁਰਵਿੰਦਰ ਸਿੰਘ ਡਿਵੀਜ਼ਨ ਪ੍ਰਧਾਨ ਵੱਲੋਂ ਸਨਮਾਨਿਤ ਕੀਤਾ ਗਿਆ, ਇਸ ਮੌਕੇ ਮਨੋਜ ਕੁਮਾਰ, ਬਿਕਰਮ ਸਿੰਘ, ਸਾਥੀ ਜੋਗਿੰਦਰ ਸਿੰਘ ਸੋਢੀ, ਸੁਖਮਿੰਦਰ ਸਿੰਘ JE ,ਭੁਪਿੰਦਰ ਸਿੰਘ JE , ਸਤਬੀਰ ਸਿੰਘ JE, ਰਵਿੰਦਰ ਪਾਲ ਸਿੰਘ, ਹਰਜਿੰਦਰ ਸਿੰਘ ਸੋਨੂ, ਯਾਦਵਿੰਦਰ ਸਿੰਘ ਲਖਵਿੰਦਰ ਸਿੰਘ JE, ਰੁਪਿੰਦਰ ਸਿੰਘ ਤੇ ਹੋਰ ਸਬ ਡਿਵੀਜ਼ਨ ਦੇ ਸਾਰੇ ਮੈਂਬਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਬਿਨਾ ਨੰਬਰੀ ਮੋਟਰਸਾਈਕਲ 17 ਗ੍ਰਾਮ ਹੈਰੋਇਨ ਤੇ 1500 ਰੁ: ਡਰੱਗ ਮਨੀ ਸਮੇਤ 2 ਦੋਸ਼ੀ ਕਾਬੂ ਐਸ ਐਚ ਓ ਹਰਚੰਦ ਸਿੰਘ




**ਜੰਡਿਆਲਾ ਗੁਰੂ, 2 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਯੁੱਧ ਨਸਿਆ ਵਿਰੁੱਧ ਤਹਿਤ ਚਲਾਈ ਗਈ ਮੁਹਿੰਮ ਦੀ ਲੜੀ ਤਹਿਤ ਪੰਜਾਬ ਪੁਲਿਸ ਵੱਲੋਂ ਨਸਾ ਤਸਕਰਾਂ ਭੈੜੇ ਅਨਸਰਾਂ ਉਪਰ ਨਜਰ ਰੱਖੀ ਜਾ ਰਹੀ ਹੈ ਜਿਸ ਦੇ ਚੱਲਦਿਆਂ ਐਸ ਐਸ ਪੀ ਅੰਮ੍ਰਿਤਸਰ ਦਿਹਾਤੀ ਮਨਿੰਦਰ ਸਿੰਘ ਆਈ ਪੀ ਐਸ ਦੀ ਅਗਵਾਈ ਹੇਠ ਤੇ ਡੀ ਐਸ ਪੀ ਜੰਡਿਆਲਾ ਗੁਰੂ ਰਵਿੰਦਰ ਸਿੰਘ ਤੇ ਥਾਣਾ ਇੰਚਾਰਜ ਐਸ ਐਚ ਓ ਹਰਚੰਦ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਾੜੇ ਅਨਸਰਾਂ ਤੇ ਨਸ਼ਾ ਤਸਕਰਾਂ ਨੂੰ ਠੱਲ ਪਾਉਣ ਲਈ ਏ ਐਸ ਆਈ ਤਰਸੇਮ ਸਿੰਘ ਤੇ ਏ ਐਸ ਆਈ ਰਾਜ ਕੁਮਾਰ ਤੇ ਹੌਲਦਾਰ ਅੰਮ੍ਰਿਤਪਾਲ ਸਿੰਘ ਆਪਣੀ ਟੀਮ ਨਾਲ ਬਰਾਏ ਗਸਤ ਨਵਾ ਪਿੰਡ ਤੋਂ ਮੱਖਣਵਿੰਡੀ ਨੂੰ ਜਾ ਰਹੇ ਸਨ ਜਦੋਂ ਹਸਗੀ ਬਹੱਦ ਪਿੰਡ ਛੀਨਾ ਲਾਗੇ ਪਹੁੰਚੇ ਤਾਂ ਇੱਕ ਕਾਲੇ ਰੰਗ ਦਾ ਬਿਨਾ ਨੰਬਰੀ ਮੋਟਰਸਾਈਕਲ ਤੇ ਦੋ ਮੋਨੇ ਲੜਕੇ ਆਉਂਦੇ ਦਿਖਾਈ ਦਿੱਤੇ ਜਿਨ੍ਹਾਂ ਨੂੰ ਰੋਕਕੇ ਸੱਕ ਦੇ ਅਧਾਰ ਤੇ ਤਲਾਸ਼ੀ ਕੀਤੀ ਗਈ ਤਾਂ ਮੋਟਰਸਾਈਕਲ ਸਵਾਰ ਰਣਜੀਤ ਸਿੰਘ ਉਰਫ ਬੀ ਡੀ ਓ ਤੇ ਸੁਭਮ ਸਿੰਘ ਕੋਲੋ 17 ਗ੍ਰਾਮ ਹੈਰੋਇਨ ਤੇ 1500 ਰੁਪਏ ਡਰੱਗ ਮਨੀ ਬਰਾਮਦ ਕੀਤੀ ਗਈ ਜੋਂ ਕਿ ਓਹਨਾ ਨੇ ਕਬੂਲ ਕੀਤਾ ਕਿ ਇਹ ਡਰੱਗ ਮਨੀ ਓਹਨਾ ਨੇ ਹੀਰੋਇਨ ਵੇਚ ਕੇ ਕਮਾਈ ਸੀ ਜਿਸ ਸਬੰਧੀ ਓਹਨਾ ਖਿਲਾਫ ਥਾਣਾ ਜੰਡਿਆਲਾ ਗੁਰੂ ਵਿਖੇ ਮੁਕਦਮਾ ਨੰਬਰ 141ਮਿਤੀ 01-07-2025 ਜੁਰਮ 21/27 ਏ/29/61/85 ਐਨ ਡੀ ਪੀ ਐਸ ਐਕਟ ਦੇ ਤਹਿਤ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ ਉਕਤ ਗ੍ਰਿਫਤਾਰ ਦੋਸ਼ੀਆ ਦੇ ਫਾਰਵਰਡ ਤੇ ਬੈਕਵਰਡ ਲਿੰਕਾਂ ਨੂੰ ਖੰਗਾਲਿਆ ਜਾ ਰਿਹਾ ਤੇ ਜਿਸ ਕਿਸੇ ਦੀ ਸ਼ਮੂਲੀਅਤ ਸਾਹਮਣੇ ਆਵੇਗੀ ਉਸ ਖਿਲਾਫ ਵੀ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਸ਼ਾ ਵਿਭਾਗ ਵੱਲੋਂ ਪੰਜਾਬੀ ਸਾਹਿਤ ਸਿਰਜਣ ਤੇ ਕਵਿਤਾ ਗਾਇਨ ਮੁਕਾਬਲੇ ਲਈ ਅਰਜ਼ੀਆਂ ਦੀ ਮੰਗ

**ਹੁਸ਼ਿਆਰਪੁਰ, 2 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਡਾਇਰੈਕਟਰ,ਭਾਸ਼ਾ ਵਿਭਾਗ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਜ਼ਿਲ੍ਹਾ ਭਾਸ਼ਾ ਦਫ਼ਤਰ, ਹੁਸ਼ਿਆਰਪੁਰ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਜ਼ਿਲ੍ਹਾ ਪੱਧਰ ’ਤੇ ਪੰਜਾਬੀ ਸਾਹਿਤ ਸਿਰਜਣ ਅਤੇ ਕਵਿਤਾ ਗਾਇਨ ਮੁਕਾਬਲੇ ਕਰਵਾਏ ਜਾਣੇ ਹਨ। ਇਨ੍ਹਾਂ ਮੁਕਾਬਲਿਆਂ ਲਈ ਰਜਿਸਟ੍ਰੇਸ਼ਨ ਫਾਰਮ ਭਰ ਕੇ ਅਤੇ ਸਕੂਲ ਮੁੱਖੀ ਵੱਲੋਂ ਤਸਦੀਕ ਕਰਵਾ 7 ਜੁਲਾਈ, 2025 ਤੱਕ ਜ਼ਿਲ੍ਹਾ ਭਾਸ਼ਾ ਦਫ਼ਤਰ, ਹੁਸ਼ਿਆਰਪੁਰ, ਮਿੰਨੀ ਸਕੱਤਰੇਤ, ਤੀਜ਼ੀ ਮੰਜ਼ਿਲ, ਕਮਰਾ ਨੰ 307-308 ਹੁਸ਼ਿਆਰਪੁਰ ਵਿਖੇ ਦਸਤੀ ਜਾਂ ਈ. ਮੇਲ ਰਾਹੀਂ ਭੇਜੇ ਜਾ ਸਕਦੇ ਹਨ। ਇਨ੍ਹਾਂ ਮੁਕਬਲਿਆਂ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਭਾਸ਼ਾ ਅਫ਼ਸਰ ਜਸਪ੍ਰੀਤ ਕੌਰ ਅਤੇ ਖੋਜ ਅਫ਼ਸਰ ਡਾ. ਜਸਵੰਤ ਰਾਏ ਨੇ ਦੱਸਿਆ ਕਿ ਵਿਦਿਆਰਥੀਆਂ ਵਿੱਚ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਵਿੱਚ ਰੁਚੀ ਵਿਕਸਤ ਕਰਨ ਲਈ ਭਾਸ਼ਾ ਵਿਭਾਗ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਜ਼ਿਲ੍ਹੇ ਪੱਧਰ ’ਤੇ ਇਹ ਮੁਕਾਬਲੇ ਕਰਵਾਏ ਜੇ ਰਹੇ ਹਨ। ਜ਼ਿਲ੍ਹੇ ਵਿਚ ਕੇਵਲ ਮੈਟ੍ਰਿਕ ਕਲਾਸਾਂ ਤੱਕ ਦੇ ਵਿਦਿਆਰਥੀ ਜਿਨ੍ਹਾਂ ਦੀ ਉਮਰ 17 ਸਾਲਾਂ ਤੋਂ ਵੱਧ ਨਾ ਹੋਵੇ ਭਾਗ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਮੁਕਾਬਲੇ ’ਚ ਭਾਗ ਲੈਣ ਲਈ ਕੋਈ ਵੀ ਫੀਸ ਨਹੀਂ ਹੈ। ਨਿਸ਼ਚਿਤ ਮਿਤੀ ਤੋਂ ਬਾਅਦ ਪ੍ਰਾਪਤ ਹੋਏ ਰਜਿਸਟ੍ਰੇਸ਼ਨ ਫਾਰਮ ਸਵੀਕਾਰ ਨਹੀਂ ਕੀਤੇ ਜਾਣਗੇ। ਹਰ ਵਰਗ ਲਈ ਵੱਖਰਾ-ਵੱਖਰਾ ਰਜਿਸਟ੍ਰੇਸ਼ਨ ਫਾਰਮ ਭੇਜਿਆ ਜਾਵੇ। ਵਧੇਰੇ ਜਾਣਕਾਰੀ ਲਈ ਮੋਬਾਇਲ ਨੰ. 62395-75966 ’ਤੇ ਸੰਪਰਕ ਕੀਤਾ ਜਾ ਸਕਦਾ ਹੈ।


ਬਿਜਲੀ ਦੀ ਮਾੜੀ ਸਪਲਾਈ ਵਿਰੁੱਧ ਕਿਸਾਨਾਂ ਦਾ ਵਫਦ ਅਧਿਕਾਰੀਆਂ ਨੂੰ ਮਿਲਣ ਪਹੁੰਚਿਆ ਪਰ ਕੋਈ ਵੀ ਅਧਿਕਾਰੀ ਨਹੀਂ ਸੀ ਹਾਜ਼ਰ

# ਝੋਨੇ ਦੀ ਲਵਾਈ ਜ਼ੋਰਾਂ ਤੇ ਪਰ ਨਹੀਂ ਮਿਲ ਰਹੀ ਬਿਜਲੀ : ਖੁਣ ਖੁਣ, ਲਾਚੋਵਾਲ



ਹੁਸ਼ਿਆਰਪੁਰ, 2 ਜੁਲਾਈ (ਆਵਾਜ਼ਿ ਕੌਮ ਬਿਊਰੋ)- ਝੋਨੇ ਦੀ ਲਵਾਈ ਜੋਰਾਂ ਉੱਪਰ ਚੱਲ ਰਹੀ ਹੈ ਪਰ ਲਾਚੋਵਾਲ ਬਿਜਲੀ ਘਰ ਅਧੀਨ ਆਉਂਦੇ ਪਥਿਆਲ ਫੀਡਰ ਸਟਿਆਣਾ ਫੀਡਰ ਅਤੇ ਸ਼ਾਮ 84 ਬਿਜਲੀ ਘਰ ਅਧੀਨ ਆਉਂਦੇ ਚੱਕ ਗੁਜਰਾਂ ਫੀਡਰ ਅਧੀਨ ਦੇ ਕਿਸਾਨਾਂ ਨੂੰ ਝੋਨੇ ਦੀ ਲਵਾਈ ਲਈ ਪਾਣੀ ਦਾ ਪ੍ਰਬੰਧ ਕਰਨ ਲਈ ਬਿਜਲੀ ਸਪਲਾਈ ਨਹੀਂ ਮਿਲ ਰਹੀ ਜਿਸ ਦੇ ਵਿਰੋਧ ਵਿੱਚ ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਲਾਚੋਵਾਲ ਦਾ ਇੱਕ ਵਫਦ ਗੁਰਦੀਪ ਸਿੰਘ ਖੁਣਖੁਣ ਸਰਪ੍ਰਸਤ, ਪਰਮਿੰਦਰ ਸਿੰਘ ਲਾਚੋਵਾਲ ਪ੍ਰਧਾਨ,ਰਣਧੀਰ ਸਿੰਘ ਅਸਲਪੁਰ, ਹਰਪ੍ਰੀਤ ਸਿੰਘ ਲਾਲੀ ਅਤੇ ਗੁਰਨਾਮ ਸਿੰਘ ਸਿੰਗੜੀਵਾਲਾ ਦੀ ਅਗਵਾਈ ਹੇਠ ਅਧਿਕਾਰੀਆਂ ਨੂੰ ਮਿਲਣ ਲਈ ਸਬ-ਅਰਬਨ ਸਬ ਡਿਵੀਜ਼ਨ ਹੁਸ਼ਿਆਰਪੁਰ ਮਿਲਣ ਲਈ ਪਹੁੰਚਿਆ ਪਰ ਅੱਗਿਓਂ ਕੋਈ ਵੀ ਅਧਿਕਾਰੀ ਐਸਡੀਓ ਜਾਂ ਐਕਸੀਜਨ ਆਪਣੇ ਦਫਤਰ ਵਿਖੇ ਮੌਜੂਦ ਨਹੀਂ ਸੀ। ਫਿਰ ਕਿਸਾਨਾਂ ਵਫਦ ਬਿਜਲੀ ਬੋਰਡ ਦੇ ਉੱਚ ਅਧਿਕਾਰੀ ਐਸ ਸੀ ਦੇ ਦਫਤਰ ਵਿਖੇ ਪਹੁੰਚਿਆ ਉੱਥੇ ਵੀ ਕੋਈ ਅਧਿਕਾਰੀ ਮਿਲਣ ਲਈ ਮੌਜੂਦ ਨਹੀਂ ਸੀ।ਇਸ ਸਮੇਂ ਕਿਸਾਨ ਆਗੂਆਂ ਨੇ ਬਿਜਲੀ ਬੋਰਡ ਦੇ ਉੱਚ ਅਧਿਕਾਰੀ ਐਸ ਸੀ ਸਾਹਿਬ ਨਾਲ ਫੋਨ ਉੱਪਰ ਗੱਲਬਾਤ ਕੀਤੀ ਜਿਨ੍ਹਾਂ ਨੇ ਜੇਈ ਨਾਲ ਗੱਲਬਾਤ ਕਰਕੇ ਬਿਜਲੀ ਸੁਚਾਰੂ ਢੰਗ ਨਾਲ ਨਿਰਵਿਘਨ ਸਪਲਾਈ ਕਰਨ ਦਾ ਵਿਸ਼ਵਾਸ ਦਵਾਇਆ ਪਰ ਖਬਰ ਲਿਖੇ ਜਾਣ ਸਮੇਂ ਤੱਕ ਬਿਜਲੀ ਦੀ ਕੋਈ ਸਪਲਾਈ ਨਹੀਂ ਕੀਤੀ ਗਈ, ਇਸ ਸਮੇਂ ਕਿਸਾਨ ਆਗੂ ਗੁਰਦੀਪ ਸਿੰਘ ਖੁਣਖੁਣ ਪਰਮਿੰਦਰ ਸਿੰਘ ਲਾਚੋਵਾਲ ਰਣਧੀਰ ਸਿੰਘ ਅਸਲਪੁਰ ਨੇ ਸਾਂਝੇ ਤੌਰ ਤੇ ਕਿਹਾ ਕਿ ਜੇਕਰ ਜਲਦ ਬਿਜਲੀ ਦੀ ਸਪਲਾਈ ਨੂੰ ਸੁਚਾਰੂ ਢੰਗ ਨਾਲ ਚਾਲੂ ਨਾ ਕੀਤਾ ਗਿਆ ਤਾਂ ਇਸ ਦੇ ਵਿਰੋਧ ਵਿਚ ਤਿੱਖਾ ਸੰਘਰਸ਼ ਕੀਤਾ ਜਾਵੇਗਾ।ਇਸ ਸਮੇਂ ਆਗੂਆਂ ਨੇ ਠੇਕੇਦਾਰਾਂ ਕੋਲ ਕੰਮ ਕਰਦੇ ਲੈਇਨ ਮੈਨ ਦੇ ਸਹਾਇਕ ਕੱਚੇ ਕਾਮਿਆਂ ਦੇ ਸੰਘਰਸ਼ ਦੀ ਪੂਰ ਜੋਰ ਸ਼ਬਦਾਂ ਵਿੱਚ ਹਮਾਇਤ ਕੀਤੀ ਜੋ ਪਿਛਲੇ ਸਮੇਂ ਤੋਂ ਉਹਨਾਂ ਨੂੰ ਰੈਗੂਲਰ ਕਰਨ ਅਤੇ ਹਾਦਸਾ ਪੀੜਤਾਂ ਨੂੰ ਮੁਆਵਜ਼ਾ ਮਿਲਣ ਲਈ ਮੰਗਾਂ ਤੇ ਸੰਘਰਸ਼ ਕਰ ਰਹੇ ਹਨ ਜਿਨਾਂ ਦੀ ਠੇਕੇਦਾਰ ਬੁਰੀ ਤਰ੍ਹਾਂ ਲੁੱਟ ਕਰ ਰਹੇ ਹਨ ਦੀ ਸਖਤ ਨਿਖੇਧੀ ਕੀਤੀ ਗਈ ਅਤੇ ਸਰਕਾਰ ਉਨਾਂ ਦੀਆਂ ਮੰਗਾਂ ਤੁਰੰਤ ਪ੍ਰਵਾਨ ਕਰੇ। ਇਸ ਸਮੇਂ ਕਿਰਪਾਲ ਸਿੰਘ ਪੰਡੋਰੀ ਖੰਜੂਰ, ਸੁਖਵਿੰਦਰ ਸਿੰਘ ਲੁਹਾਰ ਕੰਗਣਾ, ਜੋਗਿੰਦਰ ਸਿੰਘ ਪਥਿਆਲ, ਹਰਜਿੰਦਰ ਸਿੰਘ ਪਥਿਆਲ, ਸੁਰਿੰਦਰ ਸਿੰਘ ਪਥਿਆਲ, ਸੁਰਿੰਦਰ ਪਾਲ ਸਿੰਘ ਲੁਹਾਰ ਕੰਗਣਾ, ਜਸਵੀਰ ਸਿੰਘ ਸ਼ੇਰਪੁਰ, ਗੁਲਵਿੰਦਰ ਸਿੰਘ ਪਥਿਆਲ, ਰਵਿੰਦਰ ਸਿੰਘ ਪਥਿਆਲ ਆਦਿ ਹਾਜ਼ਰ ਸਨ।

# ਪੰਜਾਬ ਨੂੰ ਕਰਜਾ ਮੁਕੱਤ ਸੂਬਾ ਬਣਾਉਣ ਦਾ ਵਾਅਦਾ ਕਰ ਸਰਕਾਰ ਨੇ ਸੂਬੇ ਨੂੰ ਧੱਕਿਆ ਭਾਰੀ ਕਰਜੇ ਦੇ ਥੱਲੇ



ਖਰੜ, 2 ਜੁਲਾਈ (ਆਵਾਜ਼ਿ ਕੌਮ ਬਿਊਰੋ)-ਪੰਜਾਬ ਨੂੰ ਕਰਜਾ ਮੁਕੱਤ ਸੂਬਾ ਬਣਾਉਣ ਦਾ ਵਾਅਦਾ ਕਰ ਸੂਬੇ ਵਿੱਚ ਸਰਕਾਰ ਬਣਾਉਣ ਵਾਲੀ ਆਮ ਆਦਮੀ ਪਾਰਟੀ ਨੇ ਨਾ ਸਿਰਫ ਸੂਬੇ ਨੂੰ ਭਾਰੀ ਕਰਜੇ ਦੇ ਥੱਲੇ ਧੱਕੇਲ ਦਿੱਤਾ ਹੈ ਬਲਕਿ ਸੂਬੇ ਦੇ ਲੋਕਾਂ ਨੂੰ ਹਰ ਕਿਸਮ ਤੋਂ ਧੌਖਾ ਹੀ ਦਿੱਤਾ ਹੈ । ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਜਪਾ ਪੰਜਾਬ ਦੇ ਸੂਬਾ ਕਾਰਜਕਾਰਣੀ ਮੈਂਬਰ ਨਰਿੰਦਰ ਰਾਣਾ ਨੇ ਸਥਾਨਕ ਪੱਤਰਕਾਰਾਂ ਨੂੰ ਇੱਕ ਪ੍ਰੇਸ ਨੋਟ ਜਾਰੀ ਕਰਦਿਆਂ ਕੀਤਾ ।ਉਨ੍ਹਾਂ ਕਿਹਾ ਕਿ ਸੂਬੇ ਵਿੱਚ ਭਗਵੰਤ ਮਾਨ ਦੀ ਅਗਵਾਈ ਵਿੱਚ ਚੱਲ ਰਹੀ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਫਰੰਟ ਤੇ ਫੈੱਲ ਸਾਬਿਤ ਹੋ ਰਹੀ ਹੈ ਤੇ ਆਪਣੀਆਂ ਨਾਕਾਮੀਆਂ ਨੂੰ ਲੁਕਾਉਣ ਲਈ ਹਰ ਆਏ ਦਿਨ ਕੋਈ ਨਾ ਕੋਈ ਸ਼ਗੂਫਾ ਛੱਡਕੇ ਲੋਕਾਂ ਦਾ ਧਿਆਨ ਭਟਕਾਉਣ ਦੀ ਨਾਕਾਮ ਕੋਸ਼ਿਸ਼ ਕਰ ਰਹੀ ਹੈ । ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਜੁਲਾਈ ਤੋਂ ਸਤੰਬਰ 2025 ਤੱਕ ?8,500 ਕਰੋੜ ਦਾ ਨਵਾਂ ਕਰਜ਼ਾ ਲੈਣ ਦਾ ਫੈਸਲਾ ਲਿਆ ਗਿਆ ਹੈ । ਜਿਸਦਾ ਮਤਲੱਬ ਹੈ ਕਿ ਹਰ ਰੋਜ਼ ਕਰੀਬ 92 ਕਰੋੜ ਰੁਪਏ ਦਾ ਨਵਾਂ ਕਰਜ਼ਾ ਸਰਕਾਰ ਲਵੇਗੀ ਤੇ ਇਸਦੀ ਭਰਭਾਈ ਸੂਬੇ ਦੇ ਲੋਕਾਂ ਤੋਂ ਨਵੇਂ ਟੈਕਸਾ ਦੇ ਰੂਪ ਵਿੱਚ ਕੀਤੀ ਜਾਵੇਗੀ । ਅੱਜ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੇ ਸਾਢੇ ਤਿੰਨ ਸਾਲਾਂ ਤੋਂ ਉੱਪਰ ਹੋ ਗਏ ਹਨ ਪਰ ਸੂਬਾ ਸਰਕਾਰ ਵੱਲੋਂ ਅੱਜ ਤੱਕ ਸੂਬੇ ਵਿੱਚ ਨਾ ਕੋਈ ਉਦਯੋਗ ਖੜਾ ਹੋਇਆ, ਨਾ ਹੀ ਰੁਜ਼ਗਾਰ ਦਿੱਤਾ ਅਤੇ ਨਾ ਹੀ ਕੋਈ ਮੈਡੀਕਲ ਕਾਲਜ ਬਣਾਇਆ ਹੈ । ਇਸ ਸਭ ਤੋਂ ਉਲਟ ਪੰਜਾਬ ਕਰਜਾਂ ਮੁਕੱਤ ਸੂਬਾ ਬਣਨ ਦੀ ਥਾਂ ਤੇ ਦੇਸ਼ ਭਰ ਵਿੱਚ ਕਰਜ਼ਾ ਲੈਣ ਦੇ ਮਸਲੇ ਵਿੱਚ ਨੰਬਰ 1 ਸੂਬਾ ਬਣ ਗਿਆ ਹੈ । ਉਨ੍ਹਾਂ ਕਿਹਾ ਕਿ ਜੇਕਰ ਸੂਬਾ ਸਰਕਾਰ ਇਸੇ ਤਰਾਂ ਕਰਜਾ ਲੈਂਦੀ ਰਹੀ ਤਾਂ 2026 ਤੱਕ ਪੰਜਾਬ ਸਿਰ ਕਰਜ਼ਾ 4 ਲੱਖ ਕਰੋੜ ਰੁਪਏ ਤੋਂ ਪਾਰ ਹੋ ਜਾਵੇਗਾ । ਇਹਦਾ ਮਤਲਬ, ਹਰੇਕ ਪੰਜਾਬੀ ਦੇ ਸਿਰ 'ਤੇ ਕਰੀਬ 1.33 ਲੱਖ ਦਾ ਕਰਜ਼ਾ ਚੜ੍ਹ ਜਾਵੇਗਾ । ਇਹ ਮਾਨ-ਕੇਜਰੀਵਾਲ ਦੀ ਬਦਲਾਵ ਵਾਲੀ "ਨਵੀਂ ਸਿਆਸਤ" ਦਾ ਅਸਲੀ ਨਤੀਜਾ ਹੈ। ਉਨ੍ਹਾਂ ਇਹ ਵੀ ਕਿਹਾ ਸੂਬੇ ਵਿੱਚ ਭਗਵੰਤ ਮਾਨ ਤਾਂ ਸਿਰਫ ਨਾਮ ਦੇ ਹੀ ਮੁੱਖ ਮੰਤਰੀ ਹਨ ਅਸਲ ਵਿੱਚ ਤਾਂ ਸੂਬੇ ਨੂੰ ਦਿੱਲੀ ਵਿੱਚ ਬੈਠੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਵੱਲੋਂ ਆਪਣੇ ਦਿੱਲੀ ਤੋਂ ਪੰਜਾਬ ਵਿੱਚ ਬਿਠਾਈ ਸਿਪੇਸਲਾਰਾਂ ਦੇ ਸਹਿਯੋਗ ਨਾਲ ਚਲਾਇਆ ਜਾ ਰਿਹਾ ਹੈ । ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਅੱਜ ਜੋ ਵੀ ਲਾਭ ਮਿਲ ਰਹੇ ਹਨ ਉਹ ਸਿਰਫ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਚਲਾਈ ਜਾ ਰਹੀਆਂ ਲੋਕ ਭਲਾਈ ਦੀਆਂ ਸਕੀਮਾਂ ਤੋਂ ਹੀ ਮਿਲ ਰਹੇ ਹਨ । ਉਨ੍ਹਾਂ ਕਿਹਾ ਕਿ ਅੱਜ ਲੋਕ ਇਸ ਨੌਸਖੀਆ ਪਾਰਟੀ ਨੂੰ ਸੂਬੇ ਦੀ ਵਾਂਗਡੋਰ ਸੰਭਾਲ ਕੇ ਨਾ ਸਿਰਫ ਪਛਤਾ ਰਹੇ ਹਨ ਬਲਕਿ 2027 ਵਿੱਚ ਆ ਰਹੀਆਂ ਵਿਧਾਨਸਭਾ ਦੀਆਂ ਚੋਣਾਂ ਦਾ ਬੇਸਬਰੀ ਨਾਲ ਇੰਤਜ਼ਾਰ ਕਰ ਰਹੇ ਹਨ ਤਾਂ ਜੋ ਦਿੱਲੀ ਤੋਂ ਚਲਾਈ ਜਾ ਰਹੀ ਇਸ ਸੂਬਾ ਸਰਕਾਰ ਨੂੰ ਚਲਦਾ ਕਰਕੇ ਲੋਕ ਹਿੱਤ ਵਿੱਚ ਕੰਮ ਕਰ ਰਹੀ ਭਾਜਪਾ ਨੂੰ ਸੂਬੇ ਦੀ ਵਾਂਗਡੋਰ ਸੰਭਾਲੀ ਜਾ ਸਕੇ ।

**ਆਪ ਪਾਰਟੀ ਵੱਲੋਂ ਕੀਤਾ ਗਿਆ ਪੰਜਾਬ ਨੂੰ ਕਰਜਾ ਮੁਕਤ ਸੂਬਾ ਬਣਾਉਣ ਦਾ ਵਾਅਦਾ ਹੋਇਆ ਫੁੱਸ**

# ਐਫ.ਆਰ.ਐਸ. ਨੂੰ ਲੈ ਕੇ ਸਰਕਾਰ ਵਲੋਂ ਆਂਗਣਵਾੜੀ ਵਰਕਰਾਂ 'ਤੇ ਦਬਾਅ ਵਿਰੁੱਧ ਵਰਕਰਾਂ ਕੀਤੀ ਕੀਤੀ ਇਕੱਤਰਤਾ ਤੇ ਸੀ ਡੀ ਪੀ ਓ ਨੂੰ ਦਿੱਤਾ ਮੰਗ ਪੱਤਰ



ਮਜੀਠਾ, 2 ਜੁਲਾਈ (ਆਵਾਜ਼ਿ ਕੌਮ ਬਿਊਰੋ)- ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ (ਸੀਟੂ) ਵਲੋਂ ਲਾਭਪਾਤਰੀਆਂ ਦੇ ਐਫ. ਆਰ. ਐਸ. ਨੂੰ ਲੈ ਕੇ ਸਰਕਾਰ ਵਲੋਂ ਆਂਗਣਵਾੜੀ ਵਰਕਰਾਂ 'ਤੇ ਪਾਏ ਜਾ ਰਹੇ ਦਬਾਅ ਵਿਰੁੱਧ ਅੱਜ ਜਿਲ੍ਹਾ ਪ੍ਰਧਾਨ ਗੁਰਮਿੰਦਰ ਕੌਰ ਹਰੀਆਂ ਦੀ ਅਗਵਾਈ ਵਿੱਚ ਮਜੀਠਾ ਵਿਖੇ ਇੱਕ ਇਕੱਤਰਤਾ ਕਰਕੇ ਸੀ ਡੀ ਪੀ ਓ ਮਜੀਠਾ ਮੀਨਾ ਰਾਣੀ ਨੂੰ ਮੰਗ ਪੱਤਰ ਦਿੱਤਾ ਗਿਆ, ਇਕੱਤਰਤਾ ਨੂੰ ਸੰਬੋਧਨ ਕਰਦਿਆਂ ਜਿਲਾ ਪ੍ਰਧਾਨ ਗੁਰਮਿੰਦਰ ਕੌਰ ਹਰੀਆਂ ਨੇ ਦੱਸਿਆ ਕਿ ਸਰਕਾਰ ਲਗਾਤਾਰ ਆਂਗਣਵਾੜੀ ਮੁਲਾਜ਼ਮਾਂ ਨੂੰ ਐਫ. ਆਰ. ਐਸ. ਕਰਨ ਨੂੰ ਲੈ ਕੇ ਨੋਟਿਸ ਜਾਰੀ ਕਰਕੇ ਪ੍ਰੇਸ਼ਾਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵਲੋ ਸੱਤ ਸਾਲ ਪਹਿਲਾਂ ਫੈਸਲਾ ਕੀਤਾ ਗਿਆ ਸੀ ਕਿ ਆਨਲਾਈਨ ਕੰਮ ਵਾਸਤੇ ਆਂਗਣਵਾੜੀ ਵਰਕਰਾਂ ਨੂੰ ਮੋਬਾਈਲ ਫੋਨ ਦਿੱਤੇ ਜਾਣਗੇ, ਪਰ ਅਜੇ ਤੱਕ ਨਹੀਂ ਦਿੱਤੇ ਗਏ। ਸਰਕਾਰ ਨੇ ਹੁਣ ਫਿਰ ਇਕ ਵਾਰ ਮੋਬਾਇਲ ਨਹੀ ਮੋਬਾਇਲ ਚਾਰਜ ਦੇਣ ਲਈ ਕਿਹਾ ਹੈ, ਜੋ ਸਰਕਾਰ ਸਿਰਫ 166 ਰੁਪਏ ਪ੍ਰਤੀ ਮਹੀਨਾ ਦੇ ਰਹੀ ਹੈ, ਜੋ ਕਿ ਭਾਰਤ ਦੀ ਕੋਈ ਵੀ ਟੈਲੀਕਾਮ ਕੰਪਨੀ ਇਨੇ ਥੋੜੇ ਪੈਸਿਆਂ ਵਿੱਚ ਰਿਚਾਰਜ ਨਹੀਂ ਕਰਦੀ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਵਲੋਂ ਲਾਭਪਾਤਰੀਆਂ ਦਾ ਐਫ. ਆਰ. ਐਸ. ਕਰਨ ਲਈ ਵਰਕਰਾਂ ਤੇ ਦਬਾਅ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਜੋ ਐਪ ਹੈ, ਵਰਕਰਾਂ ਆਪਣੇ ਨਿੱਜੀ ਫੋਨਾ ਵਿੱਚ ਚਲਾਉਦੀਆਂ ਹਨ ਤਾਂ ਐਪ ਭਾਰੀ ਹੋਣ ਕਾਰਨ ਚਲਦੀ ਨਹੀ, ਕਿਉ ਕਿ ਵਰਕਰਾਂ ਕੋਲ ਇਨੇ ਹੈਵੀ ਫੋਨ ਨਹੀ ਹਨ। ਦੂਜਾ ਐਫ ਆਰ ਐਸ ਕਰਨ ਲਈ ਲਾਭਪਾਤਰੀ ਕੋਲ ਵੀ ਹੈਵੀ ਫੋਨ ਹੋਣਾ ਚਾਹੀਦਾ ਹੈ ਤੇ ਪਿੰਡਾਂ ਵਿੱਚ ਗਰੀਬ ਲਾਪਤਾਰੀਆਂ ਕੋਲ ਫੋਨ ਨਹੀ ਹਨ ਜੇ ਕਿਸੇ ਕੋਲ ਹੈ ਵੀ ਆ ਤਾ ਉਹ ਪ੍ਰੀਵਾਰ ਦੇ ਮੁੱਖੀਆ ਕੋਲ ਹੁੰਦਾ ਹੈ ਤੇ ਉਹ ਆਪਣੇ ਕੰਮ ਕਾਜ ਲਈ ਘਰ ਤੋ ਬਾਹਰ ਹੁੰਦੇ ਹਨ। ਤੀਜਾ ਐਫ ਆਰ ਐਸ ਈ ਕੇ ਵਾਈ ਸੀ ਕਰਨ ਲਈ ਮੋਬਾਇਲ ਫੋਨ ਤੇ ਓ ਟੀ ਪੀ ਆਉਦਾ ਹੈ, ਜਿਸ ਕਰਕੇ ਇਹ ਸਭ ਕਰਨਾ ਬਹੁਤ ਮੁਸ਼ਕਿਲ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵਰਕਰਾਂ ਨੂੰ ਮਜਬੂਰ ਕਰ ਰਹੀ ਹੈ ਕਿ ਉਹ ਓ ਟੀ ਪੀ ਲੈ ਕੇ ਐਫ ਆਰ ਐਸ ਕਰਨ ਜੋ ਸੁਰੱਖਿਅਤ ਨਹੀ ਹੈ। ਉਨ੍ਹਾਂ ਉਦਾਰਣ ਦਿੰਦਿਆਂ ਕਿਹਾ ਕਿ ਓ ਟੀ ਪੀ ਨੂੰ ਲੈ ਕੇ ਹਰਿਆਣਾ ਵਿੱਚ ਆਗਣਵਾੜੀ ਵਰਕਰਾਂ ਤੇ ਹਮਲੇ ਹੋ ਚੁੱਕੇ ਹਨ। ਜਿਲਾ ਪ੍ਰਧਾਨ ਬੀਬੀ ਹਰੀਆਂ ਨੇ ਸਰਕਾਰ ਤੋ ਮੰਗ ਕਰਦਿਆਂ ਕਿਹਾ ਕਿ ਐਫ ਆਰ ਐਸ ਐਪ ਨੂੰ ਸੁਰੱਖਿਅਤ ਬਣਾਇਆ ਜਾਵੇ, ਸਰਕਾਰ ਵਰਕਰਾਂ ਨੂੰ ਐਪ ਮੁਤਾਬਕ 5 ਜੀ ਮੋਬਾਇਲ ਫੋਨ ਤੇ ਮੋਬਾਇਲ ਚਾਰਜ ਦੇਵੇ, ਵਿਭਾਗ ਵਲੋ ਵਰਕਰਾਂ ਨੂੰ ਭੇਜੇ ਜਾ ਰਹੇ ਨੋਟਿਸ ਤੁਰੰਤ ਬੰਦ ਕੀਤੇ ਜਾਣ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਆਪਣੀ ਜਿੰਮੇਵਾਰੀ ਨਿਭਾਉਣ ਦੇ ਬਜਾਏ ਆਂਗਣਵਾੜੀ ਵਰਕਰਾਂ ਨੂੰ ਤੰਗ ਪ੍ਰੇਸ਼ਾਨ ਕਰੇਗੀ ਤਾਂ ਇਸ ਸਬੰਧੀ ਸ਼ੰਘਰਸ਼ ਹੋਰ ਵਿਸ਼ਾਲ ਤੇ ਤਿੱਖਾ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸਲਾਈਵਾ ਟੈਸਟਿੰਗ



ਹਾਲੀਆ ਸਾਲਾਂ ਵਿੱਚ ਹਾਰਮੋਨ ਟੈਸਟਿੰਗ ਦੇ ਖੇਤਰ ਵਿੱਚ ਇੱਕ ਮਹੱਤਵਪੂਰਨ ਬਦਲਾਅ ਆਇਆ ਹੈ, ਜਿਸ ਵਿੱਚ ਸਲਾਈਵਾ ਇੱਕ ਭਰੋਸੇਯੋਗ ਅਤੇ ਗੈਰ-ਇਨਵਾਸਿਵ ਵਿਕਲਪ ਵਜੋਂ ਉਭਰੀ ਹੈ ਜੋ ਰਵਾਇਤੀ ਖ਼ੂਨ ਦੇ ਟੈਸਟਾਂ ਦੀ ਥਾਂ ਵਰਤੀ ਜਾ ਰਹੀ ਹੈ। ਇਹ ਨਵੀਨਤਮ ਤਰੀਕਾ ਸਿਹਤ ਸੰਭਾਲ ਦੇ ਪ੍ਰਬੰਧਕਾਂ ਅਤੇ ਮਰੀਜ਼ਾਂ ਵਿਚਕਾਰ ਲੋੜੀਂਦੀ ਸਾਂਝ ਬਣਾ ਰਿਹਾ ਹੈ, ਜੋ ਹਾਰਮੋਨਲ ਸਤਰਾਂ ਅਤੇ ਉਨ੍ਹਾਂ ਦੇ ਕੁੱਲ ਸਿਹਤ 'ਤੇ ਪ੍ਰਭਾਵ ਦਾ ਮੁਲਾਂਕਣ ਕਰਨ ਲਈ ਇੱਕ ਆਸਾਨ ਤਰੀਕਾ ਪ੍ਰਦਾਨ ਕਰਦਾ ਹੈ।

ਹਾਰਮੋਨਸ ਅਤੇ ਉਨ੍ਹਾਂ ਦੀ ਮਹੱਤਤਾ ਨੂੰ ਸਮਝਣਾ

ਹਾਰਮੋਨ ਸਰੀਰ ਦੇ ਵੱਖ-ਵੱਖ ਕਾਰਜਾਂ ਨੂੰ ਨਿਯੰਤ੍ਰਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ ਜਿਵੇਂ ਕਿ ਮੈਟਾਬੋਲਿਜ਼ਮ, ਮੂਡ ਅਤੇ ਪ੍ਰਜਨਨ ਸਿਹਤ। ਹਾਰਮੋਨ ਸਤਰਾਂ ਵਿੱਚ ਅਸੰਤੁਲਨ ਕਈ ਸਿਹਤ ਸਮੱਸਿਆਵਾਂ ਦਾ ਕਾਰਨ ਬਣ ਸਕਦਾ ਹੈ ਜਿਵੇਂ ਕਿ ਥਾਇਰਾਇਡ ਦੇ ਰੋਗ, ਐਡ੍ਰਿਨਲ ਥਕਾਵਟ ਅਤੇ ਪ੍ਰਜਨਨ ਸਮੱਸਿਆਵਾਂ। ਰਵਾਇਤੀ ਤੌਰ 'ਤੇ ਹਾਰਮੋਨ ਟੈਸਟਿੰਗ ਖ਼ੂਨ ਦੇ ਨਮੂਨਿਆਂ 'ਤੇ ਨਿਰਭਰ ਰਹੀ ਹੈ; ਹਾਲਾਂਕਿ, ਸਲਾਈਵਾ ਟੈਸਟਿੰਗ ਕਈ ਫਾਇਦਿਆਂ ਨਾਲ ਇੱਕ ਸੰਭਾਵਨਾ ਵਾਲਾ ਵਿਕਲਪ ਬਣਦੀ ਜਾ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸਲਾਈਵਾ ਟੈਸਟਿੰਗ ਦੇ ਫਾਇਦੇ

1. ਗੈਰ-ਇਨਵਾਸਿਵਤਾ: ਸਲਾਈਵਾ ਟੈਸਟਿੰਗ ਦਾ ਇੱਕ ਮੁੱਖ ਫਾਇਦਾ ਇਸਦੀ ਗੈਰ-ਇਨਵਾਸਿਵ ਪ੍ਰਕਿਰਿਆ ਹੈ। ਮਰੀਜ਼ ਘਰੇ ਬਿਨਾਂ ਕਿਸੇ ਅਸੁਵਿਧਾ ਦੇ ਸਲਾਈਵਾ ਨਮੂਨੇ ਇਕੱਠੇ ਕਰ ਸਕਦੇ ਹਨ। ਇਸ ਇਕੱਠੇ ਕਰਨ ਦੀ ਆਸਾਨੀ ਨਾਲ ਪਾਲਣਾ ਦਰ ਨਾਲ ਵਰਤੋਂ ਕਰਨ ਵਾਲਿਆਂ ਵਿੱਚ ਵਾਧਾ ਹੋ ਸਕਦਾ ਹੈ ਅਤੇ ਹੋਰ ਬਾਰ ਟੈਸਟਿੰਗ ਕਰਨ ਦੀ ਆਗਿਆ ਮਿਲਦੀ ਹੈ।

2. ਅਸਲੀ ਸਮੇਂ ਦੇ ਨਤੀਜੇ: ਸਲਾਈਵਾ ਖ਼ੂਨ ਵਿੱਚ ਚੱਲ ਰਹੇ ਬਾਇਓਐਵੈਲੇਬਲ ਹਾਰਮੋਨਾਂ ਨੂੰ ਦਰਸਾਉਂਦੀ ਹੈ, ਜੋ ਇਕੱਠੇ ਕਰਨ ਦੇ ਸਮੇਂ 'ਤੇ ਹਾਰਮੋਨ ਸਤਰਾਂ ਦੀ ਇੱਕ ਝਲਕ ਪ੍ਰਦਾਨ ਕਰਦੀ ਹੈ। ਇਹ ਦਿਨ ਦੇ ਦੌਰਾਨ ਵੱਖ-ਵੱਖਤਾ ਨੂੰ ਟ੍ਰੈਕ ਕਰਨ ਲਈ ਖਾਸ ਤੌਰ 'ਤੇ ਲਾਭਦਾਇਕ ਹੋ ਸਕਦੀ ਹੈ, ਜਿਵੇਂ ਕਿ ਕੋਰਟਿਸੋਲ ਸਤਰ ਜੋ ਤਣਾਅ ਅਤੇ ਸਮੇਂ ਦੇ ਅਧਾਰ 'ਤੇ ਵੱਖਰੇ ਹੁੰਦੇ ਹਨ।

3. ਸੁਵਿਧਾ: ਸਲਾਈਵਾ ਟੈਸਟ ਘਰੇ ਜਾਂ ਕਲੀਨੀਕਲ ਸੈਟਿੰਗ ਵਿੱਚ ਕੀਤਾ ਜਾ ਸਕਦਾ ਹੈ ਜਿਸ ਨਾਲ ਉਹ ਮਰੀਜ਼ਾਂ ਲਈ ਵਧੇਰੇ ਪਹੁੰਚਯੋਗ ਬਣ ਜਾਂਦੇ ਹਨ ਜੋ ਲੈਬ ਜਾਂ ਸਿਹਤ ਸੰਭਾਲ ਪ੍ਰਦਾਤਾ ਕੋਲ ਜਾਣ ਵਿੱਚ ਮੁਸ਼ਕਿਲ ਮਹਿਸੂਸ ਕਰਦੇ ਹਨ। ਇਹ ਸੁਵਿਧਾ ਖਾਸ ਤੌਰ 'ਤੇ ਉਨ੍ਹਾਂ ਲਈ ਲਾਭਦਾਇਕ ਹੈ ਜੋ ਲੰਬੇ ਸਮੇਂ ਤੋਂ ਚਿਰਕਾਲੀ ਬਿਮਾਰੀ ਦਾ ਪ੍ਰਬੰਧ ਕਰ ਰਹੇ ਹਨ।

4. ਖਰਚ-ਪ੍ਰਭਾਵਸ਼ੀਲਤਾ: ਸਲਾਈਵਾ ਟੈਸਟਿੰਗ ਆਮ ਤੌਰ 'ਤੇ ਰਵਾਇਤੀ ਖ਼ੂਨ ਦੇ ਟੈਸਟਾਂ ਨਾਲੋਂ ਵਧੀਆ ਹੋ ਸਕਦੀ ਹੈ, ਜਿਸ ਨਾਲ ਮਰੀਜ਼ਾਂ ਅਤੇ ਸਿਹਤ ਸੰਭਾਲ ਪ੍ਰਣਾਲੀਆਂ 'ਤੇ ਆਰਥਿਕ ਬੋਝ ਘਟਦਾ ਹੈ।

ਕਲੀਨੀਕੀ ਐਪਲੀਕੇਸ਼ਨ

ਸਲਾਈਵਾ ਹਾਰਮੋਨ ਟੈਸਟਿੰਗ ਵੱਖ-ਵੱਖ ਕਲੀਨੀਕੀ ਦ੍ਰਿਸ਼ਟੀਕੋਣਾਂ ਵਿੱਚ ਵਰਤੀ ਜਾ ਰਹੀ ਹੈ:

ਐਡ੍ਰਿਨਲ ਕਾਰਜ ਦਾ ਮੁਲਾਂਕਣ: ਸਲਾਈਵਰੀ ਕੋਰਟਿਸੋਲ ਟੈਸਟ ਆਮ ਤੌਰ 'ਤੇ ਐਡ੍ਰਿਨਲ ਫੰਕਸ਼ਨ ਦਾ ਮੁਲਾਂਕਣ ਕਰਨ ਅਤੇ ਕਸ਼ਿੰਗ ਦੇ ਸੰਕੇਤ ਜਾਂ ਐਡ੍ਰਿਨਲ ਅਣਪੂਰਤਾ ਦੀ ਪਛਾਣ ਕਰਨ ਲਈ ਵਰਤੀ ਜਾਂਦੀ ਹੈ।

ਪ੍ਰਜਨਨ ਸਿਹਤ: ਉਪਜੋਗਤਾ ਨਾਲ ਸੰਬੰਧਿਤ ਹਾਰਮੋਨਾਂ ਜਿਵੇਂ ਕਿ ਈਸਟ੍ਰੋਜਨ ਅਤੇ ਪ੍ਰੋਜੈਸਟਰੋਨ ਨੂੰ ਸਲਾਈਵਾ ਟੈਸਟਿੰਗ ਦੁਆਰਾ ਅੰਦਾਜ਼ਾ ਲਗਾਇਆ ਜਾ ਸਕਦਾ ਹੈ, ਜੋ ਪੋਲਿਸਟਿਕ ਓਵਰੀ ਸੰਡ੍ਰੋਮ (♦3®♥) ਅਤੇ ਮੈਨੋਪੌਜ਼ ਜਿਹੀਆਂ ਹਾਲਤਾਂ ਦੀ ਪਛਾਣ ਵਿੱਚ ਮਦਦ ਕਰਦਾ ਹੈ।

ਥਾਇਰਾਇਡ ਕਾਰਜਾਂ: ਉਭਰਦੇ ਹੋਏ ਅਧਿਐਨਾਂ ਨੇ ਦਰਸਾਇਆ ਹੈ ਕਿ ਸਲਾਈਵਾ ਟੈਸਟਿੰਗ ਥਾਇਰਾਇਡ ਹਾਰਮੋਨਾਂ ਦੀ ਨਿਗਰਾਨੀ ਕਰਨ ਲਈ ਵੀ ਵਰਤੀ ਜਾ ਸਕਦੀ ਹੈ, ਹਾਲਾਂਕਿ ਇਹ ਐਪਲੀਕੇਸ਼ਨ ਹਾਲੇ ਵੀ ਜਾਂਚ ਅਧੀਨ ਹੈ।

**ਸੀਮਾਵਾਂ ਅਤੇ ਵਿਚਾਰ**-ਜਦੋਂ ਕਿ ਸਲਾਈਵਾ ਟੈਸਟਿੰਗ ਕਈ ਫਾਇਦੇ ਪੇਸ਼ ਕਰਦੀ ਹੈ ਪਰੰਤੂ ਇਹ ਸੀਮਾਵਾਂ ਤੋਂ ਬਿਨਾਂ ਨਹੀਂ ਹੈ। ਹਾਈਡਰੇਸ਼ਨ ਦੀ ਸਥਿਤੀ, ਮੂੰਹ ਦੀ ਸਫਾਈ ਅਤੇ ਸਮੇਂ ਦੇ ਦਿਨ ਵਰਗੇ ਕਾਰਕ ਸਲਾਈਵਾ ਹਾਰਮੋਨ ਸੰਘਣਾਪਣ ਨੂੰ ਪ੍ਰਭਾਵਿਤ ਕਰ ਸਕਦੇ ਹਨ। ਇਸ ਤੋਂ ਇਲਾਵਾ ਕੁਝ ਹਾਰਮੋਨਾਂ ਨੂੰ ਸਿਰਫ਼ ਸਲਾਈਵਾ ਰਾਹੀਂ ਯੋਗਯੋਗਤਾ ਨਾਲ ਨਹੀਂ ਮਾਪਿਆ ਜਾ ਸਕਦਾ, ਜਿਸ ਨਾਲ ਵਿਸ਼ਲੇਸ਼ਣ ਲਈ ਕਈ ਟੈਸਟਿੰਗ ਤਰੀਕਿਆਂ ਦੀ ਲੋੜ ਹੁੰਦੀ ਹੈ।

ਸਿਹਤ ਸੰਭਾਲ ਪ੍ਰਦਾਤਿਆਂ ਨੂੰ ਚਾਹੀਦਾ ਹੈ ਕਿ ਉਹ ਸਲਾਈਵਾ ਟੈਸਟਿੰਗ ਨੂੰ ਇੱਕ ਵੱਡੇ ਨਿਦਾਨੀ ਦ੍ਰਿਸ਼ਟੀਕੋਣ ਦਾ ਹਿੱਸਾ ਸਮਝਣ। ਇਹ ਮਹੱਤਵਪੂਰਨ ਹੈ ਕਿ ਨਤੀਜਿਆਂ ਨੂੰ ਕਲੀਨੀਕੀ ਲੱਛਣਾਂ ਅਤੇ ਹੋਰ ਲੈਬੋਰਟਰੀ ਖੋਜਾਂ ਦੇ ਪ੍ਰਸੰਗ ਵਿੱਚ ਵਿਖਿਆ ਕੀਤਾ ਜਾਵੇ।

ਭਵਿੱਖ ਦੇ ਦਿਸ਼ਾ-ਦਰਸ਼ਨ

ਜਿਵੇਂ ਜ਼ਿਆਦਾ ਅਧਿਐਨ ਸਲਾਈਵਾ ਹਾਰਮੋਨ ਟੈਸਟਿੰਗ ਦੀ ਪ੍ਰਭਾਵਸ਼ੀਲਤਾ ਦੀ ਪੁਸ਼ਟੀ ਕਰਦੇ ਹਨ, ਅਸੀਂ ਇਸ ਤਕਨੀਕ ਦੇ ਕਲੀਨੀਕੀ ਅਭਿਆਸ ਵਿੱਚ ਏਕੀਕ੍ਰਿਤ ਹੋਣ ਦੇ ਉਮੀਦ ਕਰ ਸਕਦੇ ਹਾਂ। ਤਕਨੀਕੀ ਅਤੇ ਵਿਸ਼ਲੇਸ਼ਣਾਤਮਕ ਵਿਧੀਆਂ ਵਿੱਚ ਵਿਕਾਸ ਇਹਨਾਂ ਟੈਸਟਾਂ ਦੀ ਸ਼ੁੱਧਤਾ ਅਤੇ ਭਰੋਸੇਯੋਗਤਾ ਨੂੰ ਹੋਰ ਸੁਧਾਰਣ ਦੀ ਉਮੀਦ ਕਰਦੇ ਹਨ।

ਅੰਤ ਵਿੱਚ ਹਾਰਮੋਨਾਂ ਲਈ ਸਲਾਈਵਾ ਟੈਸਟਿੰਗ ਇੱਕ ਨਵੇਕਲੀ ਰਾਹ ਹੈ ਜੋ ਮਰੀਜ਼-ਮਿੱਤਰਤਾਪੂਰਕ ਢੰਗ ਨਾਲ ਹਾਰਮੋਨਲ ਸਿਹਤ ਨੂੰ ਸਮਝਣ ਲਈ ਪੇਸ਼ ਕਰਦਾ ਹੈ। ਸਮੇਂ ਨਾਲ ਜਾਗਰੂਕਤਾ ਵੱਧਦੀ ਜਾ ਰਹੀ ਹੈ ਅਤੇ ਤਕਨੀਕੀ ਉੱਨਤੀ ਹੁੰਦੀ ਹੈ, ਇਹ ਗੈਰ-ਇਨਵਾਸਿਵ ਤਰੀਕਾ ਹਾਰਮੋਨ-ਸੰਬੰਧੀ ਹਾਲਤਾਂ ਦੀ ਨਿਗਰਾਨੀ ਅਤੇ ਪ੍ਰਬੰਧ ਕਰਨ ਦੇ ਤਰੀਕੇ ਨੂੰ ਬਦਲ ਸਕਦਾ ਹੈ।

-ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ, ਸ੍ਰੀ ਅੰਮ੍ਰਿਤਸਰ ਸਾਹਿਬ

# 80 ਗ੍ਰਾਮ ਹੈਰੋਇਨ ਸਮੇਤ ਦੋ ਵਿਅਕਤੀ ਚੜ੍ਹੇ ਪੁਲਿਸ ਅੜਿੱਕੇ



ਹੁਸ਼ਿਆਰਪੁਰ, 2 ਜੁਲਾਈ (ਆਵਾਜ਼ਿ ਕੌਮ ਬਿਊਰੋ)- ਸੰਦੀਪ ਮਲਿਕ ਆਈ.ਪੀ.ਐਸ/ਐਸ.ਐਸ.ਪੀ ਸਾਹਿਬ ਹੁਸ਼ਿਆਰਪੁਰ ਵਲੋ ਨਸ਼ੇ ਦੇ ਤਸਕਰਾਂ ਦੇ ਖਿਲਾਫ ਚਲਾਈ ਮੁਹਿੰਮ ਤਹਿਤ ਮੁਕੇਸ਼ ਕੁਮਾਰ ਐਸ.ਪੀ-ਡੀ ਅਗਵਾਹੀ ਹੇਠ ਜਸਪ੍ਰੀਤ ਸਿੰਘ ਉਪ ਕਪਤਾਨ ਪੁਲਿਸ ਸਬ. ਡਵੀਜਨ ਗੜ੍ਹਸ਼ੰਕਰ ਦੀ ਹਦਾਇਤ ਅਨੁਸਾਰ ਇੰਸਪੈਕਟਰ ਜੈਪਾਲ ਮੁੱਖ ਅਫਸਰ ਥਾਣਾ ਗੜ੍ਹਸ਼ੰਕਰ ਦੀ ਨਿਗਰਾਨੀ ਹੇਠ ਏ ਐਸ ਆਈ ਰਛਪਾਲ ਸਿੰਘ ਪੁਲਿਸ ਪਾਰਟੀ ਗੜ੍ਹਸ਼ੰਕਰ ਤੋ ਡੁੱਗਰੀ ਨੂੰ ਜਾ ਰਹੇ ਸੀ ਤਾ ਇਕ ਸਕੂਟਰੀ ਨੰਬਰੀ ਪੀ ਬੀ 24-ਡੀ-8418 ਤੇ ਸਵਾਰ ਦੋ ਵਿਅਕਤੀਆ ਨੂੰ ਸ਼ੱਕ ਦੇ ਤੌਰ ਤੇ ਰੋਕ ਕੇ ਉਹਨਾਂ ਦਾ ਨਾਮ ਪਤਾ ਪੁੱਛਿਆ ਤਾ ਸਕੂਟਰੀ ਚਾਲਕ ਨੇ ਆਪਣਾ ਨਾਮ ਮਦਨ ਲਾਲ ਉਰਫ ਮੰਦੀ ਉਰਫ ਤੀਡੂ ਪੁੱਤਰ ਦੇਵ ਰਾਜ ਵਾਸੀ ਡੁੱਗਰੀ ਅਤੇ ਦੂਸਰੇ ਨੇ ਆਪਣਾ ਨਾਮ ਰਾਕੇਸ਼ ਕੁਮਾਰ ਉਰਫ ਕੇਸ਼ੀ ਪੁੱਤਰ ਲੇਟ ਹਰੀਸ਼ ਚੰਦ ਵਾਸੀ ਡੁੱਗਰੀ ਦੱਸਿਆ ਤਾ ਉਕਤ ਦੋਵਾਂ ਵਿਅਕਤੀਆ ਨੂੰ ਗ੍ਰਿਫਤਾਰ ਕਰਕੇ ਉਨਾ ਦੀ ਤਲਾਸ਼ੀ ਕਰਨ ਤੇ ਮਦਨ ਲਾਲ ਉਰਫ ਮੰਦੀ ਉਰਫ ਤੀਡੂ ਪਾਸੋ 40 ਗ੍ਰਾਮ ਹੈਰੋਇਨ ਅਤੇ ਰਾਕੇਸ਼ ਕੁਮਾਰ ਉਰਫ ਕੇਸ਼ੀ ਪਾਸੋ ਪਾਸੋ 40 ਗ੍ਰਾਮ ਹੈਰਇਨ ਬਰਾਮਦ ਕਰਕੇ ਦੋਨਾ ਦੇ ਖਿਲਾਫ ਥਾਣਾ ਗੜਸ਼ੰਕਰ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਅਤੇ ਮੁਲਜਮਾ ਨੂੰ ਅਦਾਲਤ ਵਿੱਚ ਪੇਸ਼ ਕਰਕੇ ਹੋਰ ਡੂੰਘਾਈ ਨਾਲ ਪੁੱਛਗਿਛ ਕੀਤੀ ਜਾਵੇਗੀ ।